ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2317 | 18 December, 2025 Thursday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਮੋਦੀ ਅੱਜ ਸੁਲਤਾਨ ਤਾਰਿਕ ਨਾਲ ਕਰਨਗੇ ਮੁਲਾਕਾਤ ਭਾਰਤ-ਓਮਾਨ ਮੁਕਤ ਵਪਾਰ ਸਮਝੌਤੇ 'ਤੇ ਹੋਣਗੇ ਦਸਤਖ਼ਤ

**ਮਸਕਟ ਸਾਂਝੀ ਸੋਚ ਬਿਊਰੋ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਮਸਕਟ ਵਿੱਚ ਓਮਾਨ ਦੇ ਸੁਲਤਾਨ ਹੈਥਮ ਬਿਨ ਤਾਰਿਕ ਨਾਲ ਮੁਲਾਕਾਤ ਕਰਨਗੇ। ਦੋਵੇਂ ਨੇਤਾ ਦੁਵੱਲੀ ਮੀਟਿੰਗ ਕਰਨਗੇ। ਭਾਰਤ ਅਤੇ ਓਮਾਨ ਵਿਚਕਾਰ ਮੁਕਤ ਵਪਾਰ ਸਮਝੌਤੇ 'ਤੇ ਵੀ ਦਸਤਖਤ ਕੀਤੇ ਜਾਣਗੇ।

ਇਸ ਸਮਝੌਤੇ ਨਾਲ ਭਾਰਤ ਦੇ ਟੈਕਸਟਾਈਲ, ਫੁੱਟਵੀਅਰ, ਆਟੋਮੋਬਾਈਲ, ਰਤਨ ਅਤੇ ਗਹਿਣੇ, ਨਵਿਆਉਣਯੋਗ ਊਰਜਾ ਅਤੇ ਆਟੋ ਕੰਪੋਨੈਂਟ ਵਰਗੇ ਖੇਤਰਾਂ ਨੂੰ ਸਿੱਧਾ ਲਾਭ ਹੋਵੇਗਾ। ਸਮਝੌਤੇ ਲਈ ਗੱਲਬਾਤ ਨਵੰਬਰ 2023 ਵਿੱਚ ਸ਼ੁਰੂ ਹੋਈ ਸੀ।


ਪ੍ਰਧਾਨ ਮੰਤਰੀ ਮੋਦੀ ਬੁੱਧਵਾਰ ਸ਼ਾਮ ਨੂੰ ਓਮਾਨ ਦੀ ਰਾਜਧਾਨੀ ਮਸਕਟ ਪਹੁੰਚੇ। ਓਮਾਨ ਦੇ ਰੱਖਿਆ ਮਾਮਲਿਆਂ ਦੇ ਉਪ ਪ੍ਰਧਾਨ ਮੰਤਰੀ ਸਈਦ ਸ਼ਿਹਾਬ ਬਿਨ ਤਾਰਿਕ ਅਲ ਸਈਦ ਨੇ ਹਵਾਈ ਅੱਡੇ 'ਤੇ ਮੋਦੀ ਦਾ ਸਵਾਗਤ ਕੀਤਾ। ਦੋਵਾਂ ਨੇਤਾਵਾਂ ਨੇ ਰਸਮੀ ਗੱਲਬਾਤ ਕੀਤੀ। ਉਸੇ ਸ਼ਾਮ ਬਾਅਦ ਵਿੱਚ, ਸਈਦ ਨੇ ਪ੍ਰਧਾਨ ਮੰਤਰੀ ਮੋਦੀ ਲਈ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ।ਭਾਰਤ ਓਮਾਨ ਦੇ ਕੱਚੇ ਤੇਲ ਦਾ ਚੌਥਾ ਸਭ ਤੋਂ ਵੱਡਾ ਖਰੀਦਦਾਰ ਹੈ। 2023 ਵਿੱਚ, ਭਾਰਤ ਨੇ ਲਗਭਗ 4,000 ਕਰੋੜ ਦਾ ਕੱਚਾ ਤੇਲ ਖਰੀਦਿਆ।



ਭਾਰਤ ਓਮਾਨ ਦੇ ਗੈਰ-ਤੇਲ ਉਤਪਾਦਾਂ ਲਈ ਤੀਜਾ ਸਭ ਤੋਂ ਵੱਡਾ ਬਾਜ਼ਾਰ ਵੀ ਹੈ, ਜਿਸ ਵਿੱਚ ਪਲਾਸਟਿਕ, ਰਬੜ ਉਤਪਾਦ, ਰਸਾਇਣ ਅਤੇ ਧਾਤਾਂ ਸ਼ਾਮਲ ਹਨ।ਭਾਰਤ ਅਤੇ ਓਮਾਨ ਵਿਚਕਾਰ ਆਰਥਿਕ ਅਤੇ ਵਪਾਰਕ ਸਬੰਧ ਲਗਾਤਾਰ ਵਧੇ ਹਨ। ਦੋਵਾਂ ਦੇਸ਼ਾਂ ਵਿਚਕਾਰ ਦੁਵੱਲਾ ਵਪਾਰ ਵਿੱਤੀ ਸਾਲ 2023-24 ਵਿੱਚ $8.947 ਬਿਲੀਅਨ ਤੱਕ ਪਹੁੰਚਣ ਦਾ ਅਨੁਮਾਨ ਹੈ, ਜੋ ਪਹਿਲਾਂ 2022-23 ਵਿੱਚ $12.38 ਬਿਲੀਅਨ ਤੱਕ ਪਹੁੰਚ ਗਿਆ ਸੀ।

ਭਾਰਤ ਓਮਾਨ ਨੂੰ ਚੌਲ, ਮਸ਼ੀਨਰੀ, ਜਹਾਜ਼, ਹਵਾਈ ਜਹਾਜ਼ ਦੇ ਪੁਰਜ਼ੇ, ਐਲੂਮੀਨੀਅਮ ਉਤਪਾਦ, ਭੋਜਨ ਵਸਤੂਆਂ, ਫਲ ਅਤੇ ਸਬਜ਼ੀਆਂ, ਮਸਾਲੇ, ਚਾਹ ਅਤੇ ਕੌਫੀ ਅਤੇ ਮਾਸ ਨਿਰਯਾਤ ਕਰਦਾ ਹੈ। ਓਮਾਨ ਭਾਰਤ ਨੂੰ ਕੱਚਾ ਤੇਲ, ਬਾਲਣ, ਯੂਰੀਆ, ਰਸਾਇਣ, ਪਲਾਸਟਿਕ, ਸੀਮਿੰਟ ਅਤੇ ਐਲੂਮੀਨੀਅਮ ਵੀ ਨਿਰਯਾਤ ਕਰਦਾ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact # +1 (209) 303-1260

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots



Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact # +1 (209) 303-1260

Space available for Ad
Contact # +1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Inderjeet Singh Mann
CA Lic# 0H82488
Anthem
Covered California | Certified Insurance Agent
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com | www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.






**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website




# NAV INDIAN MERCHANDISE GROCERY STORE

**3230 MITCHELL ROAD, STE, C, CERES, CA 95307**





ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।

**ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ**

**ਇੱਕ ਵਾਰ Visit ਜ਼ਰੂਰ ਕਰੋ।**

Ria MONEY TRANSFER

**INDIA**
**ਪੈਸੇ ਭੇਜਣ ਲਈ**
**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**





**Contact Number**

**+1 (209) 537-5702**

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road, Suite H2-167 Modesto, CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਕੁਝ ਹੋਰ ਵੀ ਹੈ

ਸਾਂਝੀ ਸੋਚ
ਡਾ.ਪ੍ਰਿਤਪਾਲ ਸਿੰਘ ਮਹਿਰੋਕ
98885-10185



ਪੁਸਤਕ : ਕੁਝ ਹੋਰ ਵੀ ਹੈ
ਲੇਖਿਕਾ : ਡਾ.ਪਰਮਜੀਤ ਕੌਰ ਜੱਸਲ
ਸਹਿ ਲੇਖਿਕਾ : ਡਾ. ਨਯਨ
ਪ੍ਰਕਾਸ਼ਕ : ਸਹਿਜ ਪਬਲੀਕੇਸ਼ਨਜ਼, ਸਮਾਣਾ
ਪੰਨੇ :108, ਮੁੱਲ :150 ਰੁਪਏ ਅਤੇ 200 ਰੁਪਏ
ਰੀਵਿਊਕਰਤਾ: ਡਾ.ਪ੍ਰਿਤਪਾਲ ਸਿੰਘ ਮਹਿਰੋਕ

ਅਲੌਕਿਕ ਬਿਰਤਾਂਤ ਸਿਰਜਦੀਆਂ ਕਹਾਣੀਆਂ : ਕੁਝ ਹੋਰ ਵੀ ਹੈ

'ਕੁਝ ਹੋਰ ਵੀ ਹੈ' ਕਹਾਣੀ ਸੰਗ੍ਰਹਿ ਨਾਲ ਡਾ. ਪਰਮਜੀਤ ਕੌਰ ਜੱਸਲ ਆਪਣੀ ਦੂਜੀ ਪੁਸਤਕ ਲੈ ਕੇ ਪਾਠਕਾਂ ਨੂੰ ਮੁਖ਼ਾਤਿਬ ਹੋ ਰਹੀ ਹੈ। ਇਸ ਪੁਸਤਕ ਵਿੱਚ 20 ਕਹਾਣੀਆਂ ਸ਼ਾਮਲ ਹਨ,ਜੋ ਲੇਖਿਕਾ ਦੇ ਕਹਿਣ ਅਨੁਸਾਰ ਸੱਚੀਆਂ ਘਟਨਾਵਾਂ 'ਤੇ ਆਧਾਰਿਤ ਹਨ ਤੇ ਕਿਸੇ ਨਾ ਕਿਸੇ ਰੂਪ ਵਿੱਚ ਉਨ੍ਹਾਂ ਦੇ ਪਿਤਾ ਜੀ ਨਾਲ, ਉਨ੍ਹਾਂ ਦੇ ਪਰਿਵਾਰ ਨਾਲ ਜਾਂ ਉਨ੍ਹਾਂ ਦੀ ਸਾਕੇਦਾਰੀ ਨਾਲ ਸਬੰਧਤ ਹਨ। ਲੇਖਿਕਾ ਨੇ ਇਹ ਕਹਾਣੀਆਂ ਆਪਣੇ ਪਿਤਾ ਜੀ ਕੋਲੋਂ ਕਈ ਵਾਰ ਸੁਣੀਆਂ ਤੇ ਮਾਣੀਆਂ ਸਨ। ਉਨ੍ਹਾਂ ਸੁਣੀਆਂ ਕਹਾਣੀਆਂ ਦੇ ਆਧਾਰ 'ਤੇ ਪੁਸਤਕ ਵਿਚਲੀਆਂ ਇਨ੍ਹਾਂ ਕਹਾਣੀਆਂ ਦੀ ਉਸਾਰੀ ਕੀਤੀ ਗਈ ਹੈ।

'ਕੁਝ ਹੋਰ ਵੀ ਹੈ' ਕਹਾਣੀ ਪ੍ਰਾਰੰਭ ਹੁੰਦੀ ਹੈ ਤਾਂ ਉਸਨੂੰ ਪੜ੍ਹਨ ਲਈ ਉਤਸੁਕਤਾ ਪੈਦਾ ਹੁੰਦੀ ਹੈ। ਕਹਾਣੀ ਦਾ ਬਿਰਤਾਂਤ ਉਸਰਦਾ ਹੈ। ਬਲਦੇਵ ਸਿੰਘ ਆਪਣੇ ਦੋਸਤਾਂ ਨਾਲ ਆਪਣੀ ਜ਼ਿੰਦਗੀ ਦੀ ਇਕ ਪੁਰਾਣੀ ਯਾਦ ਸਾਂਝੀ ਕਰਨ ਲੱਗਦਾ ਹੈ ਤਾਂ 'ਅੱਗੇ ਕੀ ਹੋਵੇਗਾ?' ਬਾਰੇ ਜਾਨਣ ਦੀ ਉਤਸੁਕਤਾ ਵਧਦੀ ਜਾਂਦੀ ਹੈ। ਕਹਾਣੀ ਵਿੱਚ ਲੋੜੀਂਦਾ ਵਾਤਾਵਰਨ ਉਸਾਰਨ ਦਾ ਯਤਨ ਕੀਤਾ ਜਾ ਰਿਹਾ ਹੈ। ਜਦੋਂ ਬਲਦੇਵ ਸਿੰਘ ਘਟਨਾ ਸੁਣਾ ਰਿਹਾ ਹੈ ਤਾਂ ਉਸ ਵਿੱਚ ਪਰਾਸਰੀਰਕ ਅੰਸ਼ਾਂ ਦਾ ਸਮਾਵੇਸ਼ ਹੁੰਦਾ ਜਾਂਦਾ ਹੈ। ਕਹਾਣੀ ਇਸ ਗੱਲ 'ਤੇ ਜ਼ੋਰ ਦਿੰਦੀ ਹੈ ਕਿ ਇਸ ਦ੍ਰਿਸ਼ਟਮਾਨ ਜਗਤ ਪਿੱਛੇ ਹੋਰ ਵੀ ਬਹੁਤ ਕੁਝ ਅਦ੍ਰਿਸ਼ਟ ਪਿਆ ਹੈ, ਜੋ ਇਸ ਸੰਸਾਰ ਨੂੰ,ਮਨੁੱਖ ਨੂੰ ਅਤੇ ਵਰਤਾਰਿਆਂ ਆਦਿ ਨੂੰ ਪ੍ਰਭਾਵਿਤ ਕਰਦਾ ਹੈ। ਕਹਾਣੀ ਦੀ ਪਲਾਟ ਸੰਰਚਨਾ (ਫਲੋਟ ਚੋਨਸਟਰੁਚਟਿਨ) ਵਿੱਚ ਆਉਂਦਾ ਅਜਿਹਾ ਝਟਪਟਾ ਮੋੜ ਕਹਾਣੀ ਦੇ ਸਮੁੱਚੇ ਪ੍ਰਭਾਵ ਨੂੰ ਘਟਾ ਦਿੰਦਾ ਹੈ। ਬਲਦੇਵ ਸਿੰਘ ਜੇ ਆਪਣੀ ਜ਼ਿੰਦਗੀ ਵਿੱਚ ਵਾਪਰੀ ਕਿਸੇ ਅਜਿਹੀ ਘਟਨਾ ਨੂੰ ਸੁਣਾਉਂਦਾ,ਜਿਸਨੂੰ ਉਸਦੀ ਜ਼ਿੰਦਗੀ ਦੇ ਵਰਤਮਾਨ ਦੀ ਕਿਸੇ ਘਟਨਾ ਨਾਲ ਜੋੜ ਕੇ (ਚੋ-ਰਏਲਓਟਏ ਕਰਕੇ) ਨਵੇਂ,ਰਲਦੇ-ਮਿਲਦੇ, ਬਦਲਵੇਂ ਜਾਂ ਵਿਸਤ੍ਰਿਤ ਅਰਥਾਂ ਦਾ ਸੰਚਾਰ ਕੀਤਾ ਗਿਆ ਹੁੰਦਾ ਤਾਂ ਇਹ ਕਹਾਣੀ ਹੋਰ ਬਿਹਤਰ ਬਣ ਸਕਦੀ ਸੀ।

ਪੰਜ ਸਾਲ ਦਾ ਬੱਚਾ ਆਪਣੇ ਚਾਚੇ ਨਾਲ 'ਚਿੰਤੀ' ਦੀ ਭੱਠੀ 'ਤੇ ਉਸ ਕੋਲੋਂ ਦਾਣੇ ਭੁੰਨ੍ਹਵਾਉਣ ਜਾਂਦਾ ਹੈ। ਬੱਚਾ ਦਾਣੇ ਚੱਬਦਾ ਹੈ, ਚਿੰਤੀ ਨਾਲ ਗੱਲਾਂ ਕਰਦਾ ਹੈ ਤਾਂ ਇਸ ਵਿੱਚੋਂ ਉਸਨੂੰ ਖੁਸ਼ੀ ਮਿਲਦੀ ਹੈ। ਚਿੰਤੀ ਦੇ ਘਰ ਦੀ ਸਮਾਜਕ-ਆਰਥਕ ਹਾਲਤ ਬਾਰੇ, ਲੜਕੇ ਦੇ ਚਾਚੇ ਦੇ ਅੰਗਰੇਜ਼ੀ ਫੌਜ ਵਿੱਚ ਲੈਂਸ ਨਾਇਕ ਲੱਗੇ ਹੋਣ ਬਾਰੇ,ਉਸ ਵੱਲੋਂ ਆਪਣੇ ਚਾਚੇ ਕੋਲ ਪੂਨੇ ਜਾ ਕੇ ਰਹਿਣ ਬਾਰੇ,ਉਥੇ ਰਹਿ ਕੇ ਅੱਠਵੀਂ ਜਮਾਤ ਤੱਕ ਪੜ੍ਹਨ ਬਾਰੇ ਕਹਾਣੀ ਦਾ ਬਿਰਤਾਂਤ ਉਸਰਦਾ ਹੈ। ਪੂਨੇ ਤੋਂ ਵਾਪਸ ਆਉਣ 'ਤੇ ਇਕ ਦਿਨ ਬੇਬੇ ਦੇ ਕਹਿਣ 'ਤੇ ਉਹ ਮੱਝ ਚਰਾਉਣ ਲਈ ਜਾਂਦਾ ਹੈ। ਮੱਝ ਚਰਾਉਂਦਿਆਂ ਹੋਇਆਂ ਉਸਨੂੰ ਚਿੰਤੀ ਘਾਹ ਖੋਤਦੀ ਨਜ਼ਰ ਆਉਂਦੀ ਹੈ,ਜਦ ਕਿ ਬੇਬੇ ਦੇ ਦੱਸਣ ਮੁਤਾਬਕ ਉਹ ਤਾਂ ਦੋ ਸਾਲ ਪਹਿਲਾਂ ਮਰ ਗਈ ਸੀ। ਚਿੰਤੀ ਦੀ ਮੌਤ ਦੀ ਖਬਰ ਸੁਣ ਕੇ ਤੇ ਉਸਨੂੰ ਯਾਦ ਕਰਕੇ ਉਹ ਉਦਾਸ ਹੋ ਜਾਂਦਾ ਹੈ। ਉਸਨੂੰ ਮਰ ਗਈ ਚਿੰਤੀ ਦੇ ਨਜ਼ਰ ਆਉਣ ਪਿੱਛੇ ਵੀ ਪਰਾਸਰੀਰਕ ਅੰਸ਼ ਕੰਮ ਕਰ ਰਹੇ ਹਨ। ਇਸ ਨਾਲ ਕਹਾਣੀ ਬੋਝਲ ਬਣਦੀ ਹੈ। 'ਜੰਗਲਰਾਜ' ਕਹਾਣੀ ਵਿੱਚ ਸ਼ੇਰ,'ਚਿੰਤੀ' ਵਿੱਚ ਚਿੰਤੀ, 'ਮੋਰੀ ਵਾਲਾ ਪੈਸਾ' ਵਿੱਚ ਸਾਧੂ, 'ਅਣ-ਸੁਲਝਿਆ ਰਹੱਸ' ਵਿੱਚ ਪਰੇਸ਼ਾਨ ਵਿਅਕਤੀ ਰਾਹੀਂ ਵੀ ਲੇਖਿਕਾ ਨੇ ਅਪਾਰਥਵਿਕ/ਅਲੌਕਿਕ (ਨਏਓਰਟਹਲੇ) ਵਰਤਾਰਿਆਂ ਦੀ ਬਾਤ ਪਾਈ ਹੈ। 'ਗੁਲਾਬੀ ਰੁਮਾਲ' ਕਹਾਣੀ ਵਿੱਚ ਜਸਪਾਲ ਤੇ ਮਨਜੀਤ ਦੋਵੇਂ ਦੋਸਤ ਇਮਤਿਹਾਨਾਂ ਦੇ ਦਿਨਾਂ ਦੌਰਾਨ ਸ਼ਹਿਰ ਤੋਂ ਬਾਹਰ ਨਹਿਰ ਦੇ ਕੰਢੇ ਲੱਗੇ ਸੰਘਣੀ ਛਾਂ ਵਾਲੇ ਦਰਖਤਾਂ ਥੱਲੇ ਬੈਠ ਕੇ ਪੜ੍ਹਦੇ ਹਨ। ਨਹਿਰ ਦੇ ਦੂਜੇ ਪਾਸੇ ਸ਼ਮਸ਼ਾਨਘਾਟ ਸੀ। ਇਕ ਦਿਨ ਜਸਪਾਲ ਨੂੰ ਬੁਖਾਰ ਹੋ ਜਾਂਦਾ ਤੇ ਉਹ ਘਰੋਂ ਬਾਹਰ ਦਰਖਤਾਂ ਹੇਠ ਪੜ੍ਹਨ ਨਹੀਂ ਜਾਂਦਾ। ਜਸਪਾਲ ਦੱਸਦਾ ਹੈ ਕਿ ਇਕ ਦਿਨ ਇਕ ਦਰਖਤ ਹੇਠਾਂ ਗੁਲਾਬੀ ਰੰਗ ਦਾ ਇਕ ਰੁਮਾਲ ਡਿੱਗਦਾ ਹੈ ਤੇ ਉਪਰੋਂ 'ਰੁਮਾਲ ਫੜਾਈਂ' ਦੀ ਆਵਾਜ਼ ਆਉਂਦੀ ਹੈ। ਉਹ ਬਿਨਾਂ ਉਪਰ ਵੇਖਿਆਂ ਰੁਮਾਲ ਫੜਾ ਦਿੰਦਾ ਹੈ। ਉਸਨੂੰ ਬੁਖਾਰ ਹੋ ਜਾਂਦਾ ਹੈ ਤੇ ਉਹ ਮੁੜ ਉਥੇ ਨਹੀਂ ਜਾਂਦਾ। ਇਕ ਦਿਨ ਮਨਜੀਤ ਇਕ ਵੱਡਾ ਸਾਰਾ ਪੱਥਰ ਚੁੱਕ ਕੇ ਉਪਰ ਦਰਖਤ ਵੱਲ ਮਾਰਦਾ ਹੈ ਤਾਂ ਕੋਈ ਅਜੀਬ ਕਿਸਮ ਦਾ ਪੰਛੀ ਉਥੋਂ ਉਡਾਰੀ ਮਾਰਦਾ ਹੈ ਤੇ ਤੇਜ਼ੀ ਨਾਲ ਉਡ ਜਾਂਦਾ ਹੈ। ਜਸਪਾਲ ਦਾ ਬੁਖਾਰ ਠੀਕ ਹੋ ਜਾਂਦਾ ਹੈ।

'ਮਾਣੋ' ਕਹਾਣੀ ਵਿਚਲਾ 'ਮੈਂ' ਪਾਤਰ ਕਹਾਣੀ ਬਿਆਨ ਕਰ ਰਿਹਾ ਹੈ। ਬੂਰੀ ਮੱਝ ਦੇ ਸੂਣ ਵਾਲੇ ਸਮੇਂ ਤੋਂ ਕੁਝ ਰਾਤਾਂ ਪਹਿਲਾਂ ਮੈਂ ਪਾਤਰ ਉਸ ਕੋਲ ਸੌਣਾਂ ਸ਼ੁਰੂ ਕਰ ਦਿੰਦਾ ਹੈ। ਅਜੀਬ ਅੱਖਾਂ ਵਾਲੀ ਇਕ ਕਾਲੀ ਬਿੱਲੀ ਉਸ ਕੋਲ ਕੰਧ 'ਤੇ ਆ ਬੈਠਣ/ਸੌਣ ਲੱਗ ਜਾਂਦੀ ਹੈ। ਮੱਝ ਇਕ ਖੂਬਸੂਰਤ ਕੱਟੀ ਨੂੰ ਜਨਮ ਦਿੰਦੀ ਹੈ। ਘਰ ਖੁਸ਼ੀਆਂ ਨਾਲ ਭਰ ਜਾਂਦਾ ਹੈ। ਇਕ ਰਾਤ ਲਗਪਗ ਛੇ ਫੁੱਟ ਲੰਮਾ ਕਾਲਾ ਨਾਗ ਉਸਦੇ ਬਿਸਤਰੇ 'ਤੇ ਆ ਬੈਠਦਾ ਹੈ ਤਾਂ ਬਿੱਲੀ ਉਸਨੂੰ ਦੌੜਾ ਦਿੰਦੀ ਹੈ। ਉਹ ਫਿਰ ਮੁੜ ਮੁੜ ਮੰਜੇ ਵੱਲ ਵਧਦਾ ਆਉਂਦਾ ਹੈ ਤਾਂ ਬਿੱਲੀ ਹੀ ਉਸਨੂੰ ਦੌੜਾਉਂਦੀ ਹੈ। ਉਹ ਕਾਲੀ ਬਿੱਲੀ ਹੀ ਸੀ ਜੋ ਮੈਂ ਪਾਤਰ ਨੂੰ,ਮੱਝ ਨੂੰ ਤੇ ਕੱਟੀ ਨੂੰ ਕਾਲੇ ਨਾਗ ਤੋਂ ਬਚਾਉਂਦੀ ਹੈ। ਫਿਰ ਉਹ ਕਾਲੀ ਬਿੱਲੀ ਕਿਧਰੇ ਨਜ਼ਰ ਨਹੀਂ ਸੀ ਆਈ। ਕਿਧਰੇ ਕਿਸੇ ਕਹਾਣੀ ਵਿੱਚ ਬਾਂਦਰ ਵਜੋਂ ਵਿਚਰਦੇ ਪਾਤਰ ਕੋਲੋਂ ਵੀ ਅਲੌਕਿਕ ਕਾਰਜ ਕਰਵਾਏ ਜਾਂਦੇ ਹਨ।

'ਉਹ ਕਿੱਥੇ ਚਲੀ ਗਈ' ਕਹਾਣੀ ਵੀ ਅਠਾਰਾਂ-ਉਨੀਂ ਸਾਲ ਦੀ ਉਮਰ ਦੇ 'ਮੈਂ' ਪਾਤਰ ਨਾਲ ਵਾਪਰਦੀ ਹੈ। ਦੂਜੇ ਮਹਾਂਯੁੱਧ ਦੇ ਮੁੱਢਲੇ ਦਿਨਾਂ ਦੌਰਾਨ ਉਸਦਾ ਭਾਈਆ ਤੇ ਉਸਦੇ ਦੋਸਤ ਪ੍ਰੀਤੂ ਦਾ ਭਾਈਆ ਵੀ ਲਾਮ 'ਤੇ ਗਏ ਸਨ। ਪ੍ਰੀਤੂ ਦੀ ਮਾਂ ਨੇ ਉਸਦੇ ਭਾਈਏ ਦੀ ਸੁੱਖ ਸਾਂਦ ਵਾਸਤੇ ਆਪਣੇ ਘਰ ਸਾਧਾਰਨ ਪਾਠ ਰਖਵਾਇਆ ਸੀ। ਮੈਂ ਪਾਤਰ ਪਾਠ ਦੇ ਭੋਗ ਤੇ ਲੰਗਰ ਪਾਣੀ ਪਿੱਛੋਂ ਪ੍ਰੀਤੂ ਦੇ ਪਿੰਡ ਤੋਂ ਸਾਈਕਲ 'ਤੇ ਆਪਣੇ ਘਰ ਵਾਪਸ ਆ ਰਿਹਾ ਹੈ ਤਾਂ ਉਸਨੂੰ ਕੁਝ ਦੂਰੀ 'ਤੇ ਇਕ ਨਵਵਿਆਹੀ ਖੂਬਸੂਰਤ ਔਰਤ ਵਿਖਾਈ ਦਿੰਦੀ ਹੈ। ਕੁਝ ਪਲਾਂ ਵਿੱਚ ਹੀ ਉਹ ਉਸਦੀਆਂ ਨਜ਼ਰਾਂ ਤੋਂ ਓਝਲ ਹੋ ਜਾਂਦੀ ਹੈ। ਉਸਦੀ ਬੇਬੇ ਉਸਨੂੰ ਦੱਸਦੀ ਹੈ ਕਿ ਉਹ ਛਲੇਡਾ ਹੋਵੇਗਾ,ਜੋ ਔਰਤ ਦਾ ਰੂਪ ਧਾਰਨ ਕਰਕੇ ਪੁਰਸ਼ਾਂ ਨੂੰ ਭਰਮਾਉਂਦਾ ਹੈ। ਉਸਦੇ ਠੀਕ-ਠਾਕ ਘਰ ਪਹੁੰਚਣ 'ਤੇ ਬੇਬੇ ਸ਼ੁਕਰ ਮਨਾਉਂਦੀ ਹੈ।

'ਟਿਕਟ ਮਿਲ ਗਈ' ਕਹਾਣੀ ਵਿੱਚ ਮੈਂ ਪਾਤਰ ਰੇਲਵੇ ਸਟੇਸ਼ਨ ਤੋਂ ਦਿੱਲੀ ਦੀਆਂ ਟਿਕਟਾਂ ਬੁੱਕ ਕਰਵਾ ਕੇ ਸਾਈਕਲ 'ਤੇ ਆਪਣੇ ਘਰ ਵਾਪਸ ਪਰਤ ਰਿਹਾ ਹੈ। ਅਚਾਨਕ ਉਸਨੂੰ ਇਕ ਗੈਬੀ ਆਵਾਜ਼ ਸੁਣਾਈ ਦਿੰਦੀ ਹੈ-"ਤੇਰੀ ਟਿਕਟ ਉਥੇ ਡਿੱਗ ਪਈ ਹੈ"(ਪੰਨਾ 93)। ਸਨਸਨੀ ਪੈਦਾ ਹੁੰਦੀ ਹੈ। ਮੈਂ ਪਾਤਰ ਮੁੜ ਕੇ ਉਥੇ ਵੇਖਣ ਜਾਂਦਾ ਹੈ ਤਾਂ ਉਥੋਂ ਉਸਨੂੰ ਟਿਕਟ ਮਿਲ ਜਾਂਦੀ ਹੈ। ਉਸ ਆਵਾਜ਼ ਨੂੰ ਉਹ 'ਭਲੀ ਆਤਮਾ' ਦੀ ਆਵਾਜ਼ ਕਹਿੰਦਾ ਹੈ।


'ਚੁਬਾਰਾ' ਕਹਾਣੀ ਵਿੱਚ ਮੈਂ ਪਾਤਰ ਆਪਣੀ ਚਾਚੀ ਪ੍ਰੀਤਮ ਕੌਰ ਕੋਲ ਉਸਦੀ ਧੀ ਜਸਵੰਤ ਦੇ ਰਿਸ਼ਤੇ ਦੇ ਸਬੰਧ ਵਿੱਚ ਉਸਦੇ ਪਿੰਡ ਜਾਂਦਾ ਹੈ। ਜਸਵੰਤ ਘਰ ਦੇ ਚੁਬਾਰੇ ਵਿੱਚ ਕੱਪੜੇ ਸਿਉਣ ਦਾ ਕੰਮ ਕਰਦੀ ਹੈ। ਉਸਦੀ ਚਾਚੀ ਦਾ ਜੇਠ ਕਰਤਾਰ ਸਿੰਘ ਫੌਜ ਵਿੱਚ ਸੀ। ਕਰਤਾਰ ਸਿੰਘ ਨੇ ਬੜੀਆਂ ਰੀਝਾਂ ਨਾਲ ਚੁਬਾਰਾ ਬਣਵਾਇਆ ਸੀ। ਉਸ ਵਿੱਚ ਉਸਨੇ ਕੀਮਤੀ ਪਲੰਘ ਰੱਖਿਆ ਸੀ। ਪਰ ਉਸਨੂੰ ਉਸ ਉੱਤੇ ਸੌਣ ਦਾ ਮੌਕਾ ਨਹੀਂ ਸੀ ਮਿਲ ਸਕਿਆ। ਬਰਮਾ ਦੀ ਲੜਾਈ ਲੜਦਿਆਂ ਉਹ ਸ਼ਹੀਦ ਹੋ ਗਿਆ ਸੀ। ਉਸਦੀਆਂ ਸੱਧਰਾਂ ਅਧੂਰੀਆਂ ਰਹਿ ਗਈਆਂ ਸਨ। ਉਸਦੀ ਆਤਮਾ ਭਟਕਦੀ ਫਿਰਦੀ ਹੈ ਤੇ ਲੋਕ ਵਿਸ਼ਵਾਸ ਅਨੁਸਾਰ ਉਹ ਮਨੁੱਖ ਨਾਲੋਂ ਵਧੇਰੇ ਬਲਵਾਨ,ਵਿਕਰਾਲ ਤੇ ਰਹੱਸਮਈ ਸ਼ਕਤੀਆਂ ਨਾਲ ਭਰਪੂਰ ਹੈ। ਉਸ ਪਿੱਛੋਂ ਉਸ ਪਲੰਘ ਉਪਰ ਕਦੇ ਵੀ ਕੋਈ ਨਹੀਂ ਸੀ ਸੁੱਤਾ! ਜਸਵੰਤ ਜੇ ਇਕ ਵਾਰ ਉਸ ਪਲੰਘ 'ਤੇ ਲੇਟ ਜਾਂਦੀ ਹੈ ਤਾਂ ਉਸਨੂੰ ਜਿਵੇਂ ਕੋਈ ਭੂਤ ਚੰਬੜ ਜਾਂਦਾ ਹੈ।

'ਉਹ ਕੋਈ ਹੋਰ ਸੀ' ਕਹਾਣੀ ਵਿੱਚ ਮਕਾਨ ਦੀ ਉਸਾਰੀ ਦਾ ਕੰਮ ਕਰਨ ਵਾਲੇ ਮਜਦੂਰ ਤੇ ਮਿਸਤਰੀ ਸਹਿਮ ਦੇ ਸਾਏ ਹੇਠ ਹਨ। ਮਿੰਦੀ ਮਿਸਤਰੀ ਆਪਣੇ ਮੁਹੱਲੇ ਵਿੱਚ ਇਕ ਖੂਹ ਦੀ ਗੱਲ ਸੁਣਾਉਂਦਾ ਹੈ। ਉਸਨੇ ਸਣਿਆ ਸੀ ਕਿ ਉਸ ਖੂਹ 'ਤੇ ਇਕ ਭੂਤ ਰਹਿੰਦਾ ਸੀ ਤੇ ਡਰਦਿਆਂ ਉਥੇ ਜਾਣ ਦੀ ਕੋਈ ਹਿੰਮਤ ਨਹੀਂ ਸੀ ਕਰਦਾ। ਰਸਤੇ ਵਿੱਚ ਸਥਿਤ ਇਕ ਬੋਹੜ ਦੀ ਗੱਲ ਵੀ ਚੱਲਦੀ ਹੈ। ਲੋਕਾਂ ਦੇ ਕਹਿਣ ਅਨੁਸਾਰ ਉਸ ਬੋਹੜ 'ਤੇ ਵੀ ਭੂਤ ਪ੍ਰੇਤ ਰਹਿੰਦੇ ਸਨ। ਬੋਹੜ ਕੋਲ ਜਾਣ ਤੇ ਉਸ ਰਸਤਿਓਂ ਲੰਘਣ ਤੋਂ ਲੋਕ ਡਰਦੇ ਸਨ। ਇਕ ਦਿਨ ਉਸ ਬੋਹੜ ਕੋਲੋਂ ਕਿਸੇ ਦੀ ਲਾਸ਼ ਮਿਲਣ ਦੀ ਖਬਰ ਨੇ ਲੋਕਾਂ ਦੇ ਸਹਿਮ ਵਿੱਚ ਵਾਧਾ ਕਰ ਦਿੱਤਾ ਸੀ। ਇਸ ਕਹਾਣੀ ਵਿੱਚ ਬੋਹੜ,ਖੂਹ,ਜਿੰਨ,ਭੂਤ,ਪ੍ਰੇਤ,ਬਾਬਿਆਂ ਦਾ ਤਵੀਤ ਆਦਿ ਦਾ ਜ਼ਿਕਰ ਖ਼ੌਫ਼ਜ਼ਦਾ ਮਾਹੌਲ ਸਿਰਜਣ ਵਿੱਚ ਸਹਾਈ ਹੁੰਦਾ ਹੈ। ਕਹਾਣੀ ਵਿਚਲੀਆਂ ਘਟਨਾਵਾਂ ਦਾ ਕੋਈ ਵਿਗਿਆਨਕ ਆਧਾਰ ਨਹੀਂ।

'ਉਹ ਨਾਲ ਹੀ ਆ ਗਿਆ' ਕਹਾਣੀ ਕੁਝ ਸਥਾਨਾਂ 'ਤੇ ਘੁੰਮਦੀ ਹੈ। ਪੰਮੀ ਬੜੇ ਚਾਅ ਨਾਲ ਆਪਣੇ ਭਰਾ ਜਗਤਾਰ ਕੋਲ ਪਟਿਆਲਾ ਜਾਣ ਲਈ ਉਤਾਵਲੀ ਹੈ। ਉਥੇ ਪਹੁੰਚ ਕੇ ਉਹ ਬੇਹੱਦ ਬੇਚੈਨ ਹੋ ਜਾਂਦੀ ਹੈ ਕਿਉਂ ਜੋ ਉਸਦਾ ਭਰਾ ਕਿਸੇ ਕਾਰਨ ਵਸ ਪਰੇਸ਼ਾਨ ਹੈ। ਪਰੇਸ਼ਾਨੀ ਵਿੱਚ ਹੀ ਉਸਨੂੰ ਆਪਣੇ ਭਰਾ ਨਾਲ ਪਟਿਆਲਾ ਤੋਂ ਲੁਧਿਆਣਾ ਤੇ ਫਿਰ ਅਗਲੀ ਸਵੇਰ ਲੁਧਿਆਣਾ ਤੋਂ ਫਗਵਾੜਾ ਆਪਣੇ ਘਰ ਜਾਣਾ ਪੈਂਦਾ ਹੈ। ਪੰਮੀ,ਉਸਦੇ ਭਰਾ,ਭਰਜਾਈ ਤੇ ਖੁਦ ਉਸਦੀ ਪਰੇਸ਼ਾਨੀ ਤੇ ਬੇਚੈਨੀ ਦਾ ਕਾਰਨ ਘਰ ਵਿੱਚ ਕਿਸੇ 'ਪ੍ਰੇਤ ਆਤਮਾ' ਦਾ ਪ੍ਰਵੇਸ਼ ਕਰ ਜਾਣਾ ਸੀ। ਦਰਬਾਰ ਸਾਹਿਬ ਅੰਮ੍ਰਿਤਸਰ ਜਾ ਕੇ ਮੱਥਾ ਟੇਕਣ ਤੇ ਇਸ਼ਨਾਨ ਕਰਨ ਨਾਲ ਪੰਮੀ ਇਸ ਪਰੇਸ਼ਾਨੀ ਤੋਂ ਰਾਹਤ ਹਾਸਲ ਕਰਦੀ ਹੈ। ਮੋਰੀ ਵਾਲਾ ਪੈਸਾ, ਰੱਬ ਦਾ ਸਾਈਕਲ, ਚੀਕੂ,ਨਾਂਗਾ ਸਾਧੂ, ਕੱਲ੍ਹ ਫੇਰ ਸਹੀ,ਢਾਹਾਂ ਵਾਲਾ ਚੋਰ, ਅਣ-ਸੁਲਝਿਆ ਰਹੱਸ,ਧੱਕਾ,ਮੇਰੇ ਨਾਲ ਚੱਲ,ਬੰਦ ਗਲੀ ਆਦਿ ਕਹਾਣੀਆਂ ਵਿੱਚ ਵੀ ਕੋਈ ਨਾ ਕੋਈ ਗੈਬੀ ਸ਼ਕਤੀ/ਪਰਾਸਰੀਰਕ ਅੰਸ਼ ਕੰਮ ਕਰਦੇ ਹਨ।

ਰੂਹਾਂ ਨੂੰ ਮਹਿਸੂਸ ਹੋਣ ਵਾਲੀਆਂ ਘਟਨਾਵਾਂ, ਕਦੇ ਛਲੇਡੇ,ਕਦੇ ਭੂਤ-ਪ੍ਰੇਤ,ਕਦੇ ਦਰਵੇਸ਼,ਕਦੇ ਫਰਿਸ਼ਤੇ,ਕਦੇ ਭਟਕਦੀ ਆਤਮਾ,ਕਦੇ ਭਲੀ ਆਤਮਾ, ਕਦੇ ਕਾਲੀ ਬਿੱਲੀ,ਕਦੇ ਬਾਂਦਰ, ਕਦੇ ਤੇਜ਼ ਉਡਣ ਵਾਲੇ ਅਜੀਬ ਕਿਸਮ ਦੇ ਪੰਛੀ ਆਦਿ ਪਾਤਰ ਜਾਂ ਉਨ੍ਹਾਂ ਨਾਲ ਜੁੜੀਆਂ ਘਟਨਾਵਾਂ ਇਨ੍ਹਾਂ ਕਹਾਣੀਆਂ ਨੂੰ ਯਥਾਰਥ ਤੋਂ ਦੂਰ ਲੈ ਜਾਂਦੀਆਂ ਹਨ। ਇਹ ਕਹਾਣੀਆਂ ਰਹੱਸਵਾਦੀ ਜਗਤ ਦੀਆਂ ਗੱਲਾਂ ਕਰਦੀਆਂ ਹਨ। ਅਦ੍ਰਿਸ਼ਟ ਅਮਾਨਵੀ ਪਾਤਰ ਕਾਰਜਸ਼ੀਲ ਰਹਿੰਦੇ ਹਨ। ਪੰਜਾਬੀ ਦੀਆਂ ਲੋਕ ਕਥਾਵਾਂ ਦੀ ਇਕ ਵੰਨਗੀ ਪ੍ਰੇਤ ਕਥਾਵਾਂ ਵਜੋਂ ਜਾਣੀ ਜਾਂਦੀ ਹੈ। ਇਸ ਪੁਸਤਕ ਵਿਚਲੀਆਂ ਬਹੁਤੀਆਂ ਕਹਾਣੀਆਂ ਲੋਕ ਕਥਾਵਾਂ ਦੀ ਉਸ ਵੰਨਗੀ ਨਾਲ ਰਲਦੀਆਂ-ਮਿਲਦੀਆਂ ਹਨ।

ਤਰਕਸ਼ੀਲ ਸੋਚ ਤੇ ਵਿਗਿਆਨਕ ਨਜ਼ਰੀਏ ਵਾਲੇ ਪਾਠਕ ਇਨ੍ਹਾਂ ਕਹਾਣੀਆਂ ਵਿੱਚ ਪਰਾਸਰੀਰਕ ਅੰਸ਼ਾਂ ਦੀ ਦਖਲਅੰਦਾਜ਼ੀ ਕਾਰਨ ਆਉਂਦੇ ਮੋੜ 'ਤੇ ਕਿੰਤੂ ਪਰੰਤੂ ਕਰਨਗੇ। ਕਹਾਣੀਆਂ ਵਿੱਚ ਰਹੱਸਮਈ ਸ਼ਕਤੀਆਂ ਬਲਵਾਨ ਹਨ। ਚਿੰਤਨਸ਼ੀਲ ਪਾਠਕ ਇਹ ਵੀ ਜਾਨਣਾ ਚਾਹੇਗਾ ਕਿ ਕਹਾਣੀਕਾਰ ਆਖਰ ਸੁਨੇਹਾ ਕੀ ਦੇਣਾ ਚਾਹੁੰਦੀ ਹੈ ? ਕੀ ਪਾਠਕ ਭੂਤਾਂ,ਚੁੜੇਲਾਂ, ਛਲੇਡਿਆਂ,ਪ੍ਰੇਤ ਰੂਹਾਂ, ਭਲੀਆਂ ਆਤਮਾਵਾਂ,ਪ੍ਰੇਤ ਆਤਮਾਵਾਂ, ਇੱਲ-ਬਲਾਵਾਂ,ਜਾਦੂ-ਟੂਣਿਆਂ ਆਦਿ ਦੀਆਂ ਸ਼ਕਤੀਆਂ/ਕਰੋਪੀਆਂ ਦੇ ਜਾਲ ਵਿੱਚ ਉਲਝਿਆ ਰਹੇ ? ਅਜੋਕਾ ਮਨੁੱਖ ਅਨੇਕ ਸਮਾਜਕ, ਆਰਥਿਕ, ਸੱਭਿਆਚਾਰਕ, ਨੈਤਿਕ, ਮਨੋਵਿਗਿਆਨਕ ਸਮੱਸਿਆਵਾਂ ਤੇ ਹੋਰ ਉਲਝਣਾਂ ਦੇ ਸਨਮੁੱਖ ਖੜਾ ਹੈ। ਇਹ ਮਨੁੱਖ ਦੀਆਂ ਚਿੰਤਾਵਾਂ ਵਿੱਚ ਵਾਧਾ ਕਰਨ ਵਾਲੇ ਤੇ ਮਹੱਤਵਪੂਰਨ ਸਵਾਲ ਹਨ। ਕਈ ਹੋਰ ਸਮੱਸਿਆਵਾਂ ਵੀ ਹਨ,ਜਿਨ੍ਹਾਂ ਵਿੱਚ ਉਲਝਿਆ ਮਨੁੱਖ ਪਰੇਸ਼ਾਨ ਹੈ। ਉਨ੍ਹਾਂ ਵਿੱਚੋਂ ਕਿਸੇ ਸਮੱਸਿਆ ਨੂੰ ਛੂਹ ਕੇ ਵੀ




ਕਹਾਣੀ ਦੀ ਰਚਨਾ ਕੀਤੀ ਜਾ ਸਕਦੀ ਸੀ।

ਕਹਾਣੀ ਦਾ ਮੁੱਖ ਤੱਤ ਕਥਾਨਕ ਹੁੰਦਾ ਹੈ। ਕਥਾਨਕ ਨੇ ਕਹਾਣੀ ਦਾ ਆਧਾਰ ਬਣਨਾ ਹੁੰਦਾ ਹੈ ਤੇ ਇਸ ਨਾਲ ਹੀ ਕਹਾਣੀ ਆਪਣੀ ਹੋਂਦ ਗ੍ਰਹਿਣ ਕਰਦੀ ਹੈ। ਇਸ ਪੁਸਤਕ ਵਿਚਲੀਆਂ ਕਹਾਣੀਆਂ ਉਸਰਦੀਆਂ ਹੀ ਗ਼ੈਬੀ ਘਟਨਾਵਾਂ/ਪਾਤਰਾਂ ਦੇ ਆਧਾਰ 'ਤੇ ਹਨ। ਇੰਜ, ਇਹ ਕਹਾਣੀਆਂ ਯਥਾਰਥ ਚਿਤਰਣ ਦੀ ਲੀਹ ਤੋਂ ਲਹਿ ਜਾਂਦੀਆਂ ਹਨ।

ਕਹਾਣੀਕਾਰ ਆਪਣੀ ਦ੍ਰਿਸ਼ਟੀ ਅਨੁਸਾਰ ਘਟਨਾਵਾਂ ਨੂੰ ਚੁਣਦੀ ਤੇ ਵਿਉਂਤਦੀ ਹੈ। ਕਿਸੇ ਘਟਨਾ ਦੇ ਵਾਪਰਨ ਨੇ ਕਥਾਨਕ ਦੀ ਕੜੀ ਬਣਨਾ ਹੁੰਦਾ ਹੈ। ਕਹਾਣੀਆਂ ਵਿੱਚ ਕਾਲਪਨਿਕ ਘਟਨਾਵਾਂ/ਪਾਤਰ ਜੋੜ ਕੇ ਕਥਾਨਕ ਦੀ ਉਸਾਰੀ ਕੀਤੀ ਗਈ ਹੈ,ਜੋ ਕਹਾਣੀਆਂ ਦੇ ਪਾਤਰਾਂ ਨੂੰ ਭਟਕਾਉਂਦੀ ਹੈ। ਅਲੌਕਿਕ ਬਿਰਤਾਂਤ ਸਿਰਜਦੀਆਂ ਇਨ੍ਹਾਂ ਕਹਾਣੀਆਂ ਦਾ ਸੰਸਾਰ ਅਦਭੁੱਤ ਤੇ ਵਿਲੱਖਣ ਹੈ। ਇਨ੍ਹਾਂ ਕਹਾਣੀਆਂ ਦੇ ਬਿਰਤਾਂਤ ਵਿੱਚ ਰੌਚਿਕਤਾ, ਉਤਸੁਕਤਾ,ਗਤੀ ਤੇ ਨਾਟਕੀਅਤਾ ਬਣੀ ਰਹਿੰਦੀ ਹੈ। ਲੇਖਿਕਾ ਗਤੀ ਦਾ ਨਿਭਾਓ ਬਣਾਈ ਰੱਖਦੀ ਹੈ। ਕਿਧਰੇ ਕਿਧਰੇ ਘਟਨਾਵਾਂ ਤੇ ਪਾਤਰਾਂ ਦਰਮਿਆਨ ਤਣਾਓ ਵਾਲੀਆਂ ਸਥਿਤੀਆਂ ਵੀ ਪੈਦਾ ਹੁੰਦੀਆਂ ਹਨ। ਲਗਪਗ ਹਰੇਕ ਕਹਾਣੀ ਵਿੱਚ ਅਲੌਕਿਕ ਪਾਤਰਾਂ ਦੀ ਦਖਲਅੰਦਾਜ਼ੀ ਨਾਲ ਹੀ ਕਹਾਣੀ ਨੇਪਰੇ ਚੜ੍ਹਦੀ ਹੈ।

ਪੁਸਤਕ ਵਿਚਲੀਆਂ ਕੁਝ ਕਹਾਣੀਆਂ ਦਾ ਸੁਭਾਅ ਵਿਆਖਿਆ ਮੂਲਕ ਹੈ ਫਿਰ ਵੀ ਉਨ੍ਹਾਂ ਦੇ ਬਿਰਤਾਂਤ ਦੀ ਉਸਾਰੀ ਠੀਕ ਨਿਭਦੀ ਹੈ। ਇਨ੍ਹਾਂ ਕਹਾਣੀਆਂ ਦੇ ਸੱਭਿਆਚਾਰਕ ਪਰਿਪੇਖ ਨੂੰ ਸਮਝਣ ਦੀ ਲੋੜ ਹੈ। ਇਸ ਪੁਸਤਕ ਦੀ ਰਚਨਾ ਕਰਨ ਲਈ ਮੈਂ ਡਾ.ਪਰਮਜੀਤ ਕੌਰ ਜੱਸਲ ਨੂੰ ਦਿਲੀ ਮੁਬਾਰਕਬਾਦ ਭੇਂਟ ਕਰਦਾ ਹਾਂ। ਇਸ ਕਿਤਾਬ ਦੀ ਆਮਦ ਦੇ ਮੌਕੇ 'ਤੇ ਮੈਂ ਇਸਦਾ ਨਿੱਘਾ ਸਵਾਗਤ ਕਰਨ ਦੀ ਖੁਸ਼ੀ ਅਨੁਭਵ ਕਰ ਰਿਹਾ ਹਾਂ।

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO • HOME • TRUCK • BUSINESS • LIFE • MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES · GOODYEAR · KELLY TIRES · BARKLEY (Feel the difference) · PIRELLI
MICHELIN (A better way forward) · BRIDGESTONE · Firestone · YOKOHAMA
PEARLY · NAMA · TOYO TIRES (driven to perform) · Continental · DUNLOP TIRES

# S. Singh Cell: (510) 766-9382

## 2955 N. Wilson Way Stockton , CA 95205


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੈਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿਂਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੀਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਿਅਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ, ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਰਾਜਵੰਤ ਸਿੰਘ ਘੁੱਲੀ ਨੇ ਧੂਰੀ ਹਲਕੇ ਦੇ ਜੇਤੂ ਉਮੀਦਵਾਰਾਂ ਦਾ ਕੀਤਾ ਸਨਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ ਸੁਖਵੀਰ ਸਿੰਘ, ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਅੱਜ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੇ ਐਲਾਨੇ ਨਤੀਜਿਆਂ ਵਿੱਚ ਧੂਰੀ ਹਲਕੇ ਵਿੱਚ ਜੇਤੂ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਤੇ ਜਿੱਤ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਵਕਫ਼ ਬੋਰਡ ਦੇ ਮੈਂਬਰ ਅਨਵਰ ਭਸੌੜ, ਪੁਸ਼ਪਿੰਦਰ ਸ਼ਰਮਾ, ਨਰੇਸ਼ ਸਿੰਗਲਾ ਤੇ ਅਨਿਲ ਮਿੱਤਲ ਵੀ ਮੌਜੂਦ ਸਨ। ਓ.ਐਸ.ਡੀ ਸੁਖਵੀਰ ਸਿੰਘ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਇਨ੍ਹਾਂ ਚੋਣਾਂ 'ਚ ਧੂਰੀ ਹਲਕੇ ਵਿੱਚ ਪਾਰਟੀ ਦੀ ਇਹ ਸ਼ਾਨਦਾਰ ਜਿੱਤ ਜਿਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਲੋਕ ਪੱਖੀ ਨੀਤੀਆਂ ਦਾ ਨਤੀਜਾ ਹੈ, ਉਥੇ ਹੀ ਇਹ ਜਿੱਤ ਆਪ ਵਲੰਟੀਅਰਾਂ ਵੱਲੋਂ ਕੀਤੀ ਗਈ ਮਿਹਨਤ ਦਾ ਵੀ ਸਿੱਟਾ ਹੈ। ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਆਗੂਆਂ ਤੇ ਵਲੰਟੀਅਰਾਂ ਸਮੇਤ ਨਵੇਂ ਚੁਣੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਧੂਰੀ ਹਲਕੇ ਨੂੰ ਵਿਕਾਸ ਦੀਆਂ ਨਵੀਂਆਂ ਉਚਾਈਆਂ ਉਤੇ ਲਿਜਾਉਣ ਲਈ ਨਵੇਂ ਚੁਣੇ ਗਏ ਮੈਂਬਰ ਮੋਹਰੀ ਭੂਮਿਕਾ ਨਿਭਾਉਣਗੇ। ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣਾ ਮਾਨ ਸਰਕਾਰ ਦਾ ਮੁੱਖ ਟੀਚਾ ਹੈ ਅਤੇ ਇਸ ਟੀਚੇ ਨੂੰ ਪੂਰਾ ਕਰਨ ਲਈ ਹਰੇਕ ਵਲੰਟੀਅਰ ਆਪਣਾ ਬਣਦਾ ਯੋਗਦਾਨ ਜ਼ਰੂਰ ਪਾਵੇ। ਉਨ੍ਹਾਂ ਕਿਹਾ ਕਿ ਇਹ ਜਿੱਤ ਇਕਲੇ ਉਮੀਦਵਾਰ ਦੀ ਨਹੀਂ ਸਗੋਂ ਹਰੇਕ ਉਸ ਵਲੰਟੀਅਰ ਦੀ ਜਿੱਤ ਹੈ, ਜਿਸ ਨੇ ਇਨ੍ਹਾਂ ਚੋਣਾਂ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਈ ਹੈ। ਇਸ ਮੌਕੇ ਰਛਪਾਲ ਸਿੰਘ, ਹਰਜਿੰਦਰ ਸਿੰਘ ਕਾਂਝਲਾ, ਜਸਮੀਤ ਕੌਰ ਚਹਿਲ, ਜਸਵਿੰਦਰ ਕੌਰ, ਸੁਖਮਨਵੀਰ ਸਿੰਘ, ਹਰਪ੍ਰੀਤ ਸਿੰਘ, ਜੋਗਿੰਦਰ ਸਿੰਘ, ਰਾਨੋ, ਜਸਵੀਰ ਕੌਰ, ਰਣਜੋਧ ਸਿੰਘ, ਸਵਰਨਜੀਤ ਕੌਰ, ਹਰਜਿੰਦਰ ਕੌਰ, ਜਸਪਾਲ ਕੌਰ, ਜਗਸੀਰ ਸਿੰਘ, ਕੁਲਵਿੰਦਰ ਸਿੰਘ, ਅਮਨਦੀਪ ਕੌਰ, ਕੁਰਸ਼ੈਦ, ਰਣਜੀਤ ਸਿੰਘ, ਬਲਵਿੰਦਰ ਸਿੰਘ, ਅਮਰਦੀਪ ਸਿੰਘ, ਅਮ੍ਰਿਤਪਾਲ ਸਿੰਘ, ਹਰਪ੍ਰੀਤ ਕੌਰ, ਗੁਰਜੀਤ ਸਿੰਘ, ਗੁਰਚਰਨ ਸਿੰਘ, ਗੁਰਮੀਤ ਕੌਰ, ਰਮਨਦੀਪ ਕੌਰ, ਕਰਮਜੀਤ ਕੌਰ, ਲਖਵੀਰ ਕੌਰ ਅਤੇ ਪਰਮਜੀਤ ਕੌਰ ਵੀ ਮੌਜੂਦ ਸਨ।




# ਟਰੰਪ ਨੇ 7 ਹੋਰ ਦੇਸ਼ਾਂ ਦੇ ਨਾਗਰਿਕਾਂ ਦੇ ਅਮਰੀਕਾ ਆਉਣ 'ਤੇ ਲਾਈ ਰੋਕ

## 15 ਦੇਸ਼ਾਂ 'ਤੇ ਅੰਸ਼ਕ ਪਾਬੰਦੀ, ਕੁੱਲ ਗਿਣਤੀ 39 ਹੋ ਗਈ: ਐਥਲੀਟ- ਡਿਪਲੋਮੈਟਾਂ ਨੂੰ ਛੋਟ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ (ਸ਼ਅ ਇਾਸ) ਨੇ ਮੰਗਲਵਾਰ ਨੂੰ ਫਲਸਤੀਨੀਆਂ ਸਮੇਤ ਸੱਤ ਹੋਰ ਦੇਸ਼ਾਂ ਦੇ ਲੋਕਾਂ ਲਈ ਅਮਰੀਕਾ ਯਾਤਰਾ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਹੈ। ਇਹ ਫੈਸਲਾ ਪਿਛਲੇ ਮਹੀਨੇ ਵ੍ਹਾਈਟ ਹਾਊਸ ਨੇੜੇ ਇੱਕ ਅਫਗਾਨ ਸ਼ਰਨਾਰਥੀ ਦੁਆਰਾ ਨੈਸ਼ਨਲ ਗਾਰਡ ਫੌਜਾਂ 'ਤੇ ਗੋਲੀਬਾਰੀ ਕਰਨ ਤੋਂ ਬਾਅਦ ਲਿਆ ਗਿਆ ਸੀ। ਪੰਦਰਾਂ ਹੋਰ ਦੇਸ਼ਾਂ 'ਤੇ ਵੀ ਅੰਸ਼ਕ ਤੌਰ 'ਤੇ ਪਾਬੰਦੀ ਲਗਾਈ ਗਈ ਹੈ (ਸਥਾਈ ਰਿਹਾਇਸ਼ 'ਤੇ ਪਾਬੰਦੀ)। ਟਰੰਪ ਨੇ ਮੰਗਲਵਾਰ ਨੂੰ ਇੱਕ ਐਲਾਨਨਾਮੇ 'ਤੇ ਦਸਤਖਤ ਕੀਤੇ, ਜਿਸ ਨਾਲ ਸੰਯੁਕਤ ਰਾਜ ਅਮਰੀਕਾ ਵਿੱਚ ਦਾਖਲੇ 'ਤੇ ਪੂਰੀ ਜਾਂ ਅੰਸ਼ਕ ਯਾਤਰਾ ਪਾਬੰਦੀਆਂ ਦੇ ਅਧੀਨ ਦੇਸ਼ਾਂ ਦੀ ਕੁੱਲ ਗਿਣਤੀ 39 ਹੋ ਗਈ ਹੈ।

19 ਦੇਸ਼ਾਂ ਲਈ ਯਾਤਰਾ ਪਾਬੰਦੀਆਂ ਪਹਿਲਾਂ ਹੀ ਲਾਗੂ ਹਨ। ਇਨ੍ਹਾਂ ਵਿੱਚੋਂ ਦੋ ਦੇਸ਼, ਲਾਓਸ ਅਤੇ ਸੀਅਰਾ ਲਿਓਨ, 'ਤੇ ਹੁਣ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ ਹੈ, ਜਿਸ ਨਾਲ ਪੂਰੀ ਪਾਬੰਦੀਆਂ ਦੇ ਅਧੀਨ ਦੇਸ਼ਾਂ ਦੀ ਕੁੱਲ ਗਿਣਤੀ ਸੱਤ ਹੋ ਗਈ ਹੈ। ਇਹ ਕਦਮ ਰਾਸ਼ਟਰੀ ਸੁਰੱਖਿਆ, ਜਨਤਕ ਸੁਰੱਖਿਆ, ਕਮਜ਼ੋਰ ਸਕ੍ਰੀਨਿੰਗ ਪ੍ਰਣਾਲੀਆਂ ਅਤੇ ਵੀਜ਼ਾ ਓਵਰਸਟੇਅ ਦੀਆਂ ਉੱਚ ਦਰਾਂ ਦਾ ਹਵਾਲਾ ਦਿੰਦੇ ਹੋਏ ਚੁੱਕਿਆ ਗਿਆ ਸੀ। ਇਹ ਨਵੀਆਂ ਪਾਬੰਦੀਆਂ 1 ਜਨਵਰੀ ਤੋਂ ਲਾਗੂ ਹੋਣਗੀਆਂ। ਇਹ ਐਲਾਨ ਸਥਾਈ ਨਿਵਾਸੀਆਂ, ਡਿਪਲੋਮੈਟਾਂ ਅਤੇ ਐਥਲੀਟਾਂ ਨੂੰ ਛੋਟ ਦਿੰਦਾ ਹੈ। ਵ੍ਹਾਈਟ ਹਾਊਸ ਵੱਲੋਂ ਬੁਰਕੀਨਾ ਫਾਸੋ, ਮਾਲੀ, ਨਾਈਜਰ, ਦੱਖਣੀ ਸੁਡਾਨ ਅਤੇ ਸੀਰੀਆ 'ਤੇ ਪੂਰੀ ਯਾਤਰਾ ਪਾਬੰਦੀ ਲਾਈ ਗਈ ਹੈ। ਫਲਸਤੀਨੀ ਵੀ ਪੂਰੀ ਤਰ੍ਹਾਂ ਪਾਬੰਦੀ ਦੇ ਅਧੀਨ ਹਨ। ਇਸ ਤੋਂ ਪਹਿਲਾਂ, ਗ੍ਰਹਿ ਸੁਰੱਖਿਆ ਸਕੱਤਰ ਕ੍ਰਿਸਟੀ ਨੋਏਮ ਨੇ ਕਿਹਾ ਸੀ ਕਿ ਅਮਰੀਕੀ ਪ੍ਰਸ਼ਾਸਨ ਮੌਜੂਦਾ ਯਾਤਰਾ ਪਾਬੰਦੀ ਨੂੰ 19 ਤੋਂ ਵਧਾ ਕੇ 30 ਤੋਂ ਵੱਧ ਦੇਸ਼ਾਂ ਤੱਕ ਵਧਾਉਣ ਦੀ ਯੋਜਨਾ ਬਣਾ ਰਿਹਾ ਹੈ। ਉਸ ਸਮੇਂ, ਉਸਨੇ ਦੇਸ਼ਾਂ ਦੀ ਸਹੀ ਗਿਣਤੀ ਜਾਂ ਨਾਮ ਨਹੀਂ ਦੱਸੇ। ਅਮਰੀਕਾ ਕੋਲ ਪਹਿਲਾਂ ਹੀ ਅਫਗਾਨਿਸਤਾਨ, ਮਿਆਂਮਾਰ, ਬੁਰੂੰਡੀ, ਚਾਡ, ਕਾਂਗੋ, ਕਿਊਬਾ, ਇਕੂਟੇਰੀਅਲ ਗਿਨੀ, ਏਰੀਟ੍ਰੀਆ, ਹੈਤੀ, ਈਰਾਨ, ਲੀਬੀਆ, ਸੋਮਾਲੀਆ, ਸੂਡਾਨ, ਟੋਗੋ, ਤੁਰਕਮੇਨਿਸਤਾਨ, ਵੈਨੇਜ਼ੁਏਲਾ ਅਤੇ ਯਮਨ 'ਤੇ ਪੂਰੀ ਯਾਤਰਾ ਪਾਬੰਦੀ ਹੈ। ਨਵੀਂ ਘੋਸ਼ਣਾ 15 ਨਵੇਂ ਦੇਸ਼ਾਂ 'ਤੇ ਅੰਸ਼ਕ ਪ੍ਰਵੇਸ਼ ਪਾਬੰਦੀ ਲਗਾਉਂਦੀ ਹੈ। ਬੁਰੂੰਡੀ, ਕਿਊਬਾ, ਟੋਗੋ ਅਤੇ ਵੈਨੇਜ਼ੁਏਲਾ 'ਤੇ ਅੰਸ਼ਕ ਪਾਬੰਦੀਆਂ ਲਾਗੂ ਹਨ। ਤੁਰਕਮੇਨਿਸਤਾਨ ਇਕਲੌਤਾ ਦੇਸ਼ ਹੈ ਜਿੱਥੇ ਗੈਰ-ਪ੍ਰਵਾਸੀ ਵੀਜ਼ਿਆਂ 'ਤੇ ਪਾਬੰਦੀ ਹਟਾ ਦਿੱਤੀ ਗਈ ਹੈ, ਹਾਲਾਂਕਿ ਪ੍ਰਵਾਸੀ ਵੀਜ਼ਿਆਂ 'ਤੇ ਪਾਬੰਦੀ ਲਾਗੂ ਹੈ।



# ਰਾਸ਼ਟਰਪਤੀ ਟਰੰਪ ਅਮਰੀਕੀ ਨਾਗਰਿਕਤਾ ਖੋਹਣਾ ਚਾਹੁੰਦੇ ਹਨ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਇਥੋਂ ਗੈਰ ਕਾਨੂੰਨੀ ਲੋਕਾਂ ਨੂੰ ਬਾਹਰ ਦਾ ਰਾਹ ਦਿਖਾਉਣ ਲਈ ਅਕਸਰ ਹੀ ਕੋਈ ਨਾ ਕੋਈ ਨਵੇਂ ਐਲਾਨ ਕਰਦੇ ਰਹੇ ਹਨ। ਖਾਸ ਕਰਕੇ 20 ਜਨਵਰੀ ਤੋਂ ਬਾਅਦ ਅਮਰੀਕੀ 'ਚ ਗੈਰ ਕਾਨੂੰਨੀ ਰਹਿ ਰਹੇ ਲੋਕਾਂ ਖਿਲਾਫ ਆਦੇਸ਼ ਦਿੱਤੇ ਹਨ। ਹੁਣ ਉਨ੍ਹਾਂ ਨੇ ਕਿਹਾ ਹੈ ਕਿ ਜੇਕਰ ਉਨ੍ਹਾਂ ਦੇ ਅਧਿਕਾਰ ਵਿਚ ਹੁੰਦਾ, ਤਾਂ ਉਹ ਅਪਰਾਧੀ ਕਿਸਮ ਦੇ ਲੋਕਾਂ ਦੀ ਨੈਚੁਰਲਾਇਜ਼ਡ ਅਮਰੀਕੀ ਨਾਗਰਿਕਤਾ ਨੂੰ ਖਤਮ ਕਰ ਦਿੰਦੇ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਉਹ ਕੁੱਝ ਦੇਸ਼ਾਂ ਦੇ ਲੋਕਾਂ ਨੂੰ ਸ਼ਰਣ ਦੇਣ ਦੇ ਕਾਨੂੰਨ ਨੂੰ ਵੀ ਰੋਕਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਵਿਚ ਅਪਰਾਧੀ ਕਿਸਮ ਦੇ ਲੋਕਾਂ ਦੀ ਘੁਸਪੈਠ ਹੋ ਚੁੱਕੀ ਹੈ, ਜੋ ਕਿ ਸਾਡੇ ਲਈ ਖਤਰਨਾਕ ਹਨ। ਅਜਿਹੇ ਲੋਕਾਂ ਨੂੰ ਅਮਰੀਕਾ ਵਿਚ ਰਹਿਣ ਦਾ ਕੋਈ ਹੱਕ ਨਹੀਂ ਹੈ। ਉਨ੍ਹਾਂ ਅਮਰੀਕੀ ਅਧਿਕਾਰੀਆਂ ਨੂੰ ਕਿਹਾ ਕਿ ਉਹ ਨਿਰਧਾਰਿਤ ਕਰਨ ਕਿ ਰਾਸ਼ਟਰਪਤੀ ਕੋਲ ਅਜਿਹੇ ਲੋਕਾਂ ਦੀ ਨਾਗਰਿਕਤਾ ਖਤਮ ਕਰਨ ਦਾ ਕਾਨੂੰਨੀ ਅਧਿਕਾਰ ਹੋਣਾ ਚਾਹੀਦਾ ਹੈ। ਹਾਲਾਂਕਿ ਟਰੰਪ ਪ੍ਰਸ਼ਾਸਨ ਨੇ ਬਹੁਤ ਸਾਰੇ ਗੈਰ ਕਾਨੂੰਨੀ ਤੌਰ 'ਤੇ ਰਹਿ ਰਹੇ ਲੋਕਾਂ ਨੂੰ ਅਮਰੀਕਾ ਤੋਂ ਬਾਹਰ ਕੱਢ ਦਿੱਤਾ ਹੈ। ਪਰ ਉਨ੍ਹਾਂ ਦਾ ਕਹਿਣਾ ਹੈ ਕਿ ਹਾਲੇ ਵੀ ਬਹੁਤ ਕੰਮ ਹੋਣ ਵਾਲਾ ਹੈ। ਉਥੇ ਹੀ ਵਿਰੋਧੀਆਂ ਦਾ ਕਹਿਣਾ ਹੈ ਕਿ ਰਾਸ਼ਟਰਪਤੀ ਵੱਲੋਂ ਅਜਿਹਾ ਬਿਆਨ ਦੇਣਾ ਪ੍ਰਵਾਸੀ ਭਾਈਚਾਰਿਆਂ ਨਾਲ ਤਣਾਅ ਨੂੰ ਵਧਾ ਸਕਦਾ ਹੈ।




# ਯੂਐੱਸਸੀਆਈਐੱਸ ਵੱਲੋਂ ਵਿਦੇਸ਼ੀ ਨਾਗਰਿਕਾਂ ਦੀਆਂ ਫੋਟੋਆਂ ਸੰਬੰਧੀ ਨਵਾਂ ਆਦੇਸ਼ ਜਾਰੀ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਯੂ.ਐੱਸ. ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ ਨੇ ਨਵੀਂ ਸੇਧ ਜਾਰੀ ਕੀਤੀ ਹੈ, ਜਿਸ ਅਨੁਸਾਰ ਇਥੇ ਵਿਦੇਸ਼ੀ ਅਰਜ਼ੀਕਾਰਾਂ ਦੀਆਂ ਫੋਟੋਆਂ ਨੂੰ 3 ਸਾਲ ਤੱਕ ਸੀਮਤ ਕਰ ਦਿੱਤਾ ਗਿਆ ਹੈ। ਯਾਨੀ ਕਿ ਹੁਣ ਇਥੇ ਇਮੀਗ੍ਰੇਸ਼ਨ ਦਸਤਾਵੇਜ਼ ਬਣਾਉਣ ਲਈ ਕੋਈ ਵੀ ਫੋਟੋ 3 ਸਾਲ ਤੋਂ ਵੱਧ ਵੈਧ ਨਹੀਂ ਹੋਵੇਗੀ। ਇਹ ਅਮਰੀਕਾ ਦੀ ਰਾਸ਼ਟਰੀ ਸੁਰੱਖਿਆ ਨੂੰ ਵਧਾਉਣ ਅਤੇ ਪਛਾਣ ਧੋਖਾਧੜੀ ਨੂੰ ਰੋਕਣ ਲਈ ਕੀਤਾ ਗਿਆ ਹੈ।

ਯੂਐੱਸਸੀਆਈਐੱਸ ਨੀਤੀ ਮੈਨੁਅਲ ਵਿਚ ਦਿੱਤੀ ਗਈ ਨਵੀਂ ਸੇਧ ਹੁਣ ਉਨ੍ਹਾਂ ਫੋਟੋਆਂ ਦੀ ਵਰਤੋਂ ਨੂੰ ਸੀਮਤ ਕਰਦੀ ਹੈ, ਜੋ ਕਿਸੇ ਬਿਨੈਕਾਰ ਦੁਆਰਾ ਫਾਰਮ ਦਾਇਰ ਕਰਨ ਦੀ ਮਿਤੀ ਤੋਂ 3 ਸਾਲਾਂ ਦੇ ਅੰਦਰ ਲਈਆਂ ਗਈਆਂ ਸਨ। ਇਸ ਨਵੀਂ ਨੀਤੀ ਅਨੁਸਾਰ ਹੁਣ ਸਵੈ ਜਮ੍ਹਾ ਕੀਤੀਆਂ ਗਈਆਂ ਫੋਟੋਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ। ਸਿਰਫ ਯੂ.ਐੱਸ.ਸੀ.ਆਈ.ਐੱਸ. ਜਾਂ ਹੋਰ ਅਧਿਕਾਰਤ ਸੰਸਥਾਵਾਂ ਵੱਲੋਂ ਲਈਆਂ ਗਈਆਂ ਫੋਟੋਆਂ ਦੀ ਵਰਤੋਂ ਹੀ ਕੀਤੀ ਜਾਵੇਗੀ।

ਕੋਵਿਡ-19 ਦੌਰਾਨ ਫੋਟੋਆਂ ਦੀ ਵਰਤੋਂ 10 ਸਾਲਾਂ ਤੱਕ ਵੈਧ ਕਰ ਦਿੱਤੀ ਗਈ ਸੀ, ਜਿਸ ਨਾਲ ਯੂਐੱਸਸੀਆਈਐੱਸ ਨੂੰ ਅਰਜ਼ੀਕਰਤਾ ਦੀ ਪਛਾਣ ਕਰਨ ਅਤੇ ਸਹੀ ਢੰਗ ਨਾਲ ਸਕ੍ਰੀਨ ਕਰਨ ਦੀ ਯੋਗਤਾ ਨਹੀਂ ਹੁੰਦੀ ਸੀ। ਜਿਸ ਕਰਕੇ ਇਸ ਨੂੰ ਇਹ ਨਵਾਂ ਕਦਮ ਲੈਣਾ ਪਿਆ। ਹੁਣ ਨਵੇਂ ਆਦੇਸ਼ ਅਨੁਸਾਰ ਇਥੇ ਧੋਖਾਧੜੀ ਨੂੰ ਨੱਥ ਪਾਈ ਜਾ ਸਕੇਗੀ।



# ਗੁਰਦੁਆਰਾ ਸਾਹਿਬ ਸੈਨ ਹੋਜ਼ੇ



## ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵੱਲੋਂ

ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਗੁਰਪੁਰਬ ਦੀਆਂ ਖੁਸ਼ੀਆਂ ਮਨਾਉਂਦੇ ਹੋਏ ਪ੍ਰਭਾਤ ਫੇਰੀਆਂ ਦਾ ਵਿਸ਼ੇਸ਼ ਪ੍ਰੋਗਰਾਮ ਬੜੇ ਸਤਿਕਾਰ ਅਤੇ ਪਿਆਰ ਨਾਲ ਰੱਖਿਆ ਗਿਆ ਹੈ

**ਸਾਰੀ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ**

**18 ਦਸੰਬਰ ਤੋਂ 27 ਦਸੰਬਰ 2025 ਤੱਕ**

**ਰੋਜ਼ਾਨਾ ਸਵੇਰੇ 4:30 ਵਜੇ ਤੋਂ 5:30 ਵਜੇ**


**ਪ੍ਰਭਾਤ ਫੇਰੀਆਂ ਵਿੱਚ ਹਾਜ਼ਰੀ ਲਵਾ ਕੇ ਗੁਰੂਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ**





3636 Gurdwara Ave, San Jose, CA 95148, United States

www.sanjosegurdwara.org (408) 274-9373


Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com



RE/MAX EXECUTIVE



ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

## ਡਾ: ਵਿਜੈ ਗਰਗ ਦੀ ਕਿਤਾਬ ਦਾ ਸਿਰਲੇਖ ਗਣਿਤ ਵਿਗਿਆਨੀ ਸ਼੍ਰੀਨਿਵਾਸ ਰਮਾਨੁਜਨ ਸਿੰਘ ਸਭਾ ਸਕੂਲ ਮਲੋਟ ਦੇ ਪ੍ਰਿੰਸੀਪਲ ਸੰਦੀਪ ਗੋਇਲ ਦੁਆਰਾ ਲੋਕ ਅਰਪਣ ਕੀਤੀ ਗਈ

ਮਲੋਟ
ਸਾਂਝੀ ਸੋਚ ਬਿਊਰੋ

ਸਿੰਘ ਸਭਾ ਸਕੂਲ ਮਲੋਟ ਦੇ ਪ੍ਰਿੰਸੀਪਲ ਸੰਦੀਪ ਗੋਇਲ ਦੁਆਰਾ ਬੁੱਕ ਗਣਿਤ ਵਿਗਿਆਨੀ ਸ਼੍ਰੀਨਿਵਾਸ ਰਮਾਨੁਜਨ ਦੀ ਲੋਕ ਅਰਪਣ ਕੀਤੀ ਗਈ। ਗਣਿਤ ਵਿਗਿਆਨੀ ਸ਼੍ਰੀਨਿਵਾਸ ਰਮਾਨੁਜਨ ਲੇਖਕ ਅਤੇ ਸੇਵਾਮੁਕਤ ਪ੍ਰਿੰਸੀਪਲ ਡਾ ਵਿਜੈ ਗਰਗ ਦੁਆਰਾ ਲਿਖੀ ਗਈ। ਇਸ ਮੌਕੇ 'ਤੇ ਸੀਨੀਅਰ ਮੈਂਬਰ ਵੀ ਮੌਜੂਦ ਸਨ।




ਬੁੱਕ ਗਣਿਤ ਵਿਗਿਆਨੀ ਸ਼੍ਰੀਨਿਵਾਸ ਰਮਾਨੁਜਨ ਸਿੰਘ ਸਭਾ ਸਕੂਲ ਮਲੋਟ ਦੇ ਪ੍ਰਿੰਸੀਪਲ ਸੰਦੀਪ ਗੋਇਲ ਨੇ ਕਿਤਾਬ ਰਿਲੀਜ਼ ਸਮਾਰੋਹ ਦੌਰਾਨ ਸਿੱਖਿਆ ਖੇਤਰ ਵਿੱਚ ਕੀਤੇ ਗਏ ਡਾ ਵਿਜੈ ਗਰਗ ਦੇ ਕੰਮਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਹ ਕਿਤਾਬ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਹੈ ਪ੍ਰਿੰਸੀਪਲ ਸੰਦੀਪ ਗੋਇਲ ਨੇ ਅੱਗੇ ਕਿਹਾ ਕਿ ਡਾ ਵਿਜੈ ਗਰਗ ਦੁਆਰਾ ਲਿਖੀ ਗਈ ਇਹ ਕਿਤਾਬ ਗਣਿਤ ਵਿਗਿਆਨੀ ਸ਼੍ਰੀਨਿਵਾਸ ਰਮਾਨੁਜਨ ਹਮੇਸ਼ਾ ਵਿਦਿਆਰਥੀਆਂ ਅਤੇ ਸਮਾਜ ਦੇ ਮਾਰਗਦਰਸ਼ਨ ਲਈ ਕੰਮ ਕਰੇਗੀ ਅਤੇ ਕਿਤਾਬ ਦੀ ਸ਼ੁਰੂਆਤ ਕਰਨ ਦੇ ਖਾਸ ਉਦੇਸ਼ 'ਤੇ ਬੋਲਦੇ ਹੋਏ ਕਿਤਾਬ। "ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਹੋਵੇਗਾ, ਡਾ ਵਿਜੈ ਗਾਰਗ ਨੇ ਕਿਹਾ।

ਡਾ: ਗਰਗ ਨੇ ਅੱਗੇ ਕਿਹਾ ਕਿ ਇਹ ਕਿਤਾਬ ਉਹਨਾਂ ਗਣਿਤ-ਵਿਗਿਆਨੀਆਂ ਲਈ ਹੈ ਜੋ ਰਾਮਾਨੁਜਨ ਦੇ ਅਸਲ ਕੰਮ ਨੂੰ ਸਮਝਣਾ ਚਾਹੁੰਦੇ ਹਨ। ਇਸ ਵਿੱਚ ਰਾਮਾਨੁਜਨ ਦਾ ਪੱਤਰ-ਵਿਹਾਰ, ਉਸਦੀ ਨੋਟਬੁੱਕ ਤੋਂ ਚੁਣੇ ਗਏ ਮਹੱਤਵਪੂਰਨ ਸੂਤਰ ਅਤੇ ਉਹਨਾਂ 'ਤੇ ਵਿਸਤ੍ਰਿਤ ਗਣਿਤਿਕ ਵਿਸ਼ਲੇਸ਼ਣ ਸ਼ਾਮਲ ਹਨ। ਇਹ ਕਿਤਾਬ ਉਸ ਦੇ ਕੰਮ ਦੀ ਗੁੰਝਲਤਾ ਅਤੇ ਡੂੰਘਾਈ ਨੂੰ ਦਰਸਾਉਂਦੀ ਹੈ ਜੋ ਦਰਸਾਉਂਦਾ ਹੈ ਕਿ ਉਹ ਆਪਣੇ ਸਮੇਂ ਤੋਂ ਕਿੰਨੇ ਅੱਗੇ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਦੇ 291ਵੇਂ ਦਿਨ ਪੰਜਾਬ ਪੁਲਿਸ ਵੱਲੋਂ 5 ਕਿਲੋ ਹੈਰੋਇਨ ਅਤੇ 2 ਕਿਲੋ ਅਫ਼ੀਮ ਸਮੇਤ 103 ਨਸ਼ਾ ਤਸਕਰ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ 'ਤੇ ਵਿੱਢੇ ਗਏ "ਯੁੱਧ ਨਸ਼ਿਆਂ ਵਿਰੁੱਧ" ਦੇ 291ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 278 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 83 ਐਫਆਈਆਰਜ਼ ਦਰਜ ਕਰਕੇ 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।




ਇਸ ਨਾਲ 291ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 40,591 ਹੋ ਗਈ ਹੈ। ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 5.03 ਕਿਲੋਗ੍ਰਾਮ ਹੈਰੋਇਨ, 2.7 ਕਿਲੋਗ੍ਰਾਮ ਅਫੀਮ, 1465 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 2.6 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਇਸ ਆਪ੍ਰੇਸ਼ਨ ਦੌਰਾਨ 62 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 278 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 299 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 42 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

## ਅੰਮ੍ਰਿਤਸਰ ਵਿੱਚ "ਨਸ਼ਿਆਂ ਵਿਰੁੱਧ ਨੌਜਵਾਨ" ਜਾਗਰੂਕਤਾ ਮੁਹਿੰਮ

ਅੰਮ੍ਰਿਤਸਰ
ਧੈਰਿਆ ਮਹਿਰਾ

ਜਸਟਿਸ ਸ਼੍ਰੀ ਅਸ਼ਵਨੀ ਕੁਮਾਰ ਮਿਸ਼ਰਾ, ਮਾਣਯੋਗ ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਐਗਜ਼ਿਕਿਊਟਿਵ ਚੇਅਰਮੈਨ, ਪੰਜਾਬ ਸਟੇਟ ਲੀਗਲ ਸਰਵਿਸਿਜ਼ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਦੀ ਅਗਵਾਈ ਹੇਠ, ਅਤੇ ਮਾਣਯੋਗ ਮੈਂਬਰ ਸਕੱਤਰ, ਪੰਜਾਬ ਸਟੇਟ ਲੀਗਲ ਸਰਵਿਸਿਜ਼ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਨਾਲ, ਅਤੇ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਪਰਸਨ, ਜ਼ਿਲ੍ਹਾ ਲੀਗਲ ਸਰਵਿਸਿਜ਼ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ, ਜ਼ਿਲ੍ਹਾ ਲੀਗਲ ਸਰਵਿਸਿਜ਼ ਅਥਾਰਟੀ (ਧ.ਲ.ਸ਼ਅ), ਅੰਮ੍ਰਿਤਸਰ ਨੇ ਜਾਗਰੂਕਤਾ ਮੁਹਿੰਮ "ਯੂਥ ਅਗੇਂਸਟ ਡਰੱਗਸ" ਦੀ ਸ਼ੁਰੂਆਤ ਕੀਤੀ।

ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਅਤੇ ਵਿਆਪਕ ਸਮਾਜ ਨੂੰ ਨਸ਼ਿਆਂ ਦੇ ਖਤਰੇ ਬਾਰੇ ਜਾਗਰੂਕ ਕਰਨਾ ਅਤੇ ਇੱਕ ਸਿਹਤਮੰਦ, ਨਸ਼ਾ ਮੁਕਤ ਸਮਾਜ ਦੀ ਨਿਰਮਾਣ ਵੱਲ ਧਿਆਨ ਕੇਂਦਰਿਤ ਕਰਨਾ ਹੈ।

ਇਸ ਦੇ ਤਹਿਤ ਪੈਰਾ ਲੀਗਲ ਵਲੰਟੀਅਰਜ਼ ਅਤੇ ਵਕੀਲਾਂ ਦੀਆਂ ਟੀਮਾਂ ਵੱਖ ਵੱਖ ਪਿੰਡਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਗਈਆਂ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਨਿਵਾਸੀਆਂ ਨੂੰ ਨਸ਼ਿਆਂ ਦੇ ਕਾਨੂੰਨੀ, ਸਿਹਤ ਸੰਬੰਧੀ ਅਤੇ ਸਮਾਜਕ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ, ਨਾਲ ਹੀ ਲੋਕਾਂ ਨੂੰ ਸਾਂਝੀ ਜ਼ਿੰਮੇਵਾਰੀ ਨਿਭਾਉਣ ਅਤੇ ਨਸ਼ਾ ਮੁਕਤ ਸਮਾਜ ਬਣਾਉਣ ਲਈ ਪ੍ਰੇਰਿਤ ਕੀਤਾ।

## ਡੋਨਾਲਡ ਟਰੰਪ ਦੇ ਵੱਡੇ ਪੁੱਤ ਟਰੰਪ ਜੂਨੀਅਰ ਨੇ ਕੀਤੀ ਤੀਜੀ ਮੰਗਣੀ

### ਟਰੰਪ ਜੂਨੀਅਰ ਪੰਜ ਬੱਚਿਆਂ ਦਾ ਪਿਤਾ ਹੈ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਨਿਊਯਾਰਕ ਟਾਈਮਜ਼ ਦੇ ਅਨੁਸਾਰ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਵੱਡੇ ਪੁੱਤਰ, ਟਰੰਪ ਜੂਨੀਅਰ, ਨੇ ਸੋਸ਼ਲ ਮੀਡੀਆ ਪ੍ਰਭਾਵਕ ਬੈਟੀਨਾ ਐਂਡਰਸਨ ਨਾਲ ਮੰਗਣੀ ਕੀਤੀ ਹੈ। ਰਾਸ਼ਟਰਪਤੀ ਟਰੰਪ ਨੇ 15 ਦਸੰਬਰ ਨੂੰ ਵ੍ਹਾਈਟ ਹਾਊਸ ਵਿੱਚ ਇੱਕ ਛੁੱਟੀਆਂ ਦੀ ਪਾਰਟੀ ਦੌਰਾਨ ਇਹ ਐਲਾਨ ਕੀਤਾ। ਹਾਲਾਂਕਿ, ਮੰਗਣੀ ਕਿਸ ਦਿਨ ਹੋਈ ਤਾਰੀਖ ਦਾ ਸਹੀ ਪਤਾ ਨਹੀਂ ਹੈ। ਇਹ ਟਰੰਪ ਜੂਨੀਅਰ ਦੀ ਤੀਜੀ ਮੰਗਣੀ ਹੈ। ਉਸਦਾ ਪਹਿਲਾਂ ਵਿਆਹ ਸਾਬਕਾ ਮਾਡਲ ਅਤੇ ਅਦਾਕਾਰਾ ਵੈਨੇਸਾ ਨਾਲ ਹੋਇਆ ਸੀ। ਉਹ ਉਸ ਨਾਲ 12 ਸਾਲਾਂ ਤੋਂ ਰਿਸ਼ਤੇ ਵਿੱਚ ਸੀ। ਉਨ੍ਹਾਂ ਦੇ ਪੰਜ ਬੱਚੇ ਹਨ। ਵੈਨੇਸਾ ਨੇ 2018 ਵਿੱਚ ਤਲਾਕ ਲਈ ਅਰਜ਼ੀ ਦਿੱਤੀ ਸੀ। ਇਸ ਤੋਂ ਬਾਅਦ, ਟਰੰਪ ਜੂਨੀਅਰ ਨੇ 2018 ਵਿੱਚ ਅਮਰੀਕੀ ਟੀਵੀ ਸ਼ਖਸੀਅਤ ਕਿੰਬਰਲੀ ਗਿਲਫੋਇਲ ਨਾਲ ਮੰਗਣੀ ਕਰ ਲਈ। ਇਹ ਵਿਆਹ ਛੇ ਸਾਲ ਚੱਲਿਆ। ਮੀਡੀਆ ਰਿਪੋਰਟਾਂ ਦੇ ਅਨੁਸਾਰ, ਟਰੰਪ ਜੂਨੀਅਰ ਅਤੇ ਬੈਟੀਨਾ ਐਂਡਰਸਨ ਲਗਭਗ ਇੱਕ ਸਾਲ ਤੋਂ ਡੇਟਿੰਗ ਕਰ ਰਹੇ ਹਨ। ਪਿਛਲੇ ਮਹੀਨੇ, ਦੋਵੇਂ ਭਾਰਤ ਦੇ ਉਦੈਪੁਰ ਵਿੱਚ ਇੱਕ ਵਿਆਹ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਵੀ ਆਏ ਸਨ।

Space available for Ad
Contact # +1 (209) 303-1260




ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।

ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN
FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# 26ਵੀਆਂ ਪੰਜਾਬ ਸਟੇਟ ਸਪੈਸ਼ਲ ਓਲੰਪਿਕ ਖੇਡਾਂ ’ਚ ਪਠਾਨਕੋਟ ਦੇ ਅਥਲੀਟਾਂ ਦਾ ਸ਼ਾਨਦਾਰ ਪ੍ਰਦਰਸ਼ਨ, 1 ਗੋਲਡ ਸਮੇਤ 9 ਮੈਡਲ ਜਿੱਤ ਕੇ ਜ਼ਿਲ੍ਹੇ ਦਾ ਨਾਂ ਰੌਸ਼ਨ

ਪਠਾਨਕੋਟ
ਸਾਂਝੀ ਸੋਚ ਬਿਊਰੋ

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਆਯੋਜਿਤ ਹੋ ਰਹੀਆਂ 26ਵੀਆਂ ਪੰਜਾਬ ਸਟੇਟ ਸਪੈਸ਼ਲ ਓਲੰਪਿਕ ਖੇਡਾਂ ਦੌਰਾਨ ਜ਼ਿਲ੍ਹਾ ਪੱਧਰੀ ਸਪੈਸ਼ਲ ਰਿਸੋਰਸ ਸੈਂਟਰ ਪਠਾਨਕੋਟ ਦੇ ਹੋਣਹਾਰ ਅਥਲੀਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਕੋਚ ਮਨਦੀਪ ਸ਼ਰਮਾ ਅਤੇ ਰਾਕੇਸ਼ ਕੁਮਾਰ ਦੀ ਸੁਚੱਜੀ ਕੋਚਿੰਗ, ਅਥਾਹ ਮੇਹਨਤ ਅਤੇ ਲਗਨ ਦੇ ਸਦਕਾ ਪਠਾਨਕੋਟ ਦੇ ਅਥਲੀਟਾਂ ਨੇ ਮੁਕਾਬਲਿਆਂ ਵਿੱਚ ਇੱਕ ਗੋਲਡ ਮੈਡਲ, ਤਿੰਨ ਸਿਲਵਰ ਮੈਡਲ ਅਤੇ ਪੰਜ ਬ੍ਰਾਂਜ਼ ਮੈਡਲ ਹਾਸਲ ਕਰਕੇ ਜ਼ਿਲ੍ਹੇ ਦਾ ਨਾਂ ਸੂਬਾ ਪੱਧਰ ’ਤੇ ਰੌਸ਼ਨ ਕੀਤਾ ਹੈ।

ਇਨ੍ਹਾਂ ਖਿਡਾਰੀਆਂ ਦੀ ਇਹ ਪ੍ਰਾਪਤੀ ਨਾ ਸਿਰਫ਼ ਪਠਾਨਕੋਟ ਲਈ ਮਾਣ ਦੀ ਗੱਲ ਹੈ, ਸਗੋਂ ਇਹ ਸਾਬਤ ਕਰਦੀ ਹੈ ਕਿ ਸਹੀ ਮਾਰਗਦਰਸ਼ਨ, ਪ੍ਰੇਰਣਾ ਅਤੇ ਮੌਕਿਆਂ ਨਾਲ ਵਿਸ਼ੇਸ਼ ਸਮਰੱਥਾ ਵਾਲੇ ਬੱਚੇ ਵੀ ਕਿਸੇ ਤੋਂ ਘੱਟ ਨਹੀਂ।

ਹੋਏ ਮੁਕਾਬਲਿਆਂ ਦਰਮਿਆਨ ਸ਼ੌਕਤ ਅਲੀ ਨੇ 200 ਮੀਟਰ ਰੇਸ ਵਿੱਚ ਗੋਲਡ ਮੈਡਲ, ਸਲੀਮ ਨੇ 200 ਮੀਟਰ ਰੇਸ ਅਤੇ ਲੰਬੀ ਛਾਲ ਵਿੱਚ ਸਿਲਵਰ, ਨਸ਼ੀਬ ਅਲੀ ਨੇ 100 ਮੀਟਰ ਰੇਸ ਅਤੇ ਸ਼ਾਰਟ ਪੁੱਟ ਵਿੱਚ ਬ੍ਰੋਨਜ਼ ਮੈਡਲ, ਰਿਜ਼ਬ ਨੇ ਵੇਟ ਲਿਫਟਿੰਗ ਹੋਗਰ ਅਬੀਲਿਟੀ ਵਿੱਚ ਸਿਲਵਰ ਮੈਡਲ, ਸੁਨੀਲ ਨੇ 100 ਮੀਟਰ ਰੇਸ ਅਤੇ ਸ਼ਾਰਟ ਪੁੱਟ ਵਿੱਚ ਬ੍ਰੋਨਜ਼ ਮੈਡਲ ਹਾਸਲ ਕੀਤਾ।

ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀਮਤੀ ਕਮਲਦੀਪ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀ. ਜੀ. ਸਿੰਘ ਨੇ ਖਿਡਾਰੀਆਂ ਦੀ ਇਸ ਪ੍ਰਾਪਤੀ ਲਈ ਕੋਚ, ਮਾਪਿਆਂ ਅਤੇ ਸਟਾਫ਼ ਨੂੰ ਮੁਬਾਰਕਬਾਦ ਦਿੰਦੇ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚੇ ਸਾਡੇ ਸਮਾਜ ਦਾ ਅਹਿਮ ਅੰਗ ਹਨ ਤੇ ਵਿਲੱਖਣ ਪ੍ਰਤਿਭਾ ਅਤੇ ਵਿਸ਼ੇਸ਼ ਯੋਗਤਾਵਾਂ ਰੱਖਦੇ ਹਨ। ਇਹਨਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਹੀ ਦਿਵਿਆਗਜਨਾਂ ਲਈ ਸੰਮਲਿਤ ਸਿੱਖਿਆ (ਆਈ.ਡੀ ਕੰਪੋਨੈਂਟ) ਦਾ ਮੁੱਖ ਉਦੇਸ਼ ਹੈ।

ਉਹਨਾਂ ਨੇ ਕਿਹਾ ਵਿਲੱਖਣ ਪ੍ਰਤਿਭਾ ਮਾਲਕ ਬੱਚੇ ਸਾਡੇ ਪਠਾਨਕੋਟ ਜ਼ਿਲ੍ਹੇ ਦਾ ਮਾਣ ਹਨ। ਇਨ੍ਹਾਂ ਖਿਡਾਰੀਆਂ ਦਾ ਜ਼ਿਲ੍ਹਾ ਅਧਿਕਾਰੀਆਂ ਵੱਲੋਂ ਵਿਸ਼ੇਸ਼ ਸਵਾਗਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਸੁਵਿਧਾਵਾਂ ਵਿੱਚ ਸਿੱਖਿਆ, ਸਿਹਤ ਅਤੇ ਸਮਾਜਿਕ ਸਹਾਇਤਾ ਸ਼ਾਮਲ ਹੈ, ਜਿਸ ਵਿੱਚ ਵਿਸ਼ੇਸ਼ ਅਧਿਆਪਕ, ਸਿਖਲਾਈ, ਸਪੋਰਟਸ ਗਰਾਊਂਡ, ਧੱਕੇਸ਼ਾਹੀ ਵਿਰੋਧੀ ਪ੍ਰੋਗਰਾਮ ਅਤੇ ਘਰ-ਘਰ ਸਿੱਖਿਆ ਸ਼ਾਮਲ ਹਨ, ਜਿਸਦਾ ਉਦੇਸ਼ ਆਤਮ-ਨਿਰਭਰਤਾ, ਸਮਾਵੇਸ਼ੀ ਸਿੱਖਿਆ ਅਤੇ ਸਾਰਿਆਂ ਲਈ ਬਰਾਬਰ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਨੂੰ ਵਿਭਾਗ ਵੱਲੋਂ ਸਪੋਰਟਸ ਦੇ ਲਈ ਟਰੈਕ ਸੂਟ, ਬੂਟ, ਸਪੋਰਟਸ ਦਾ ਸਮਾਨ, ਅਸਿਸਟਿਵ ਡਿਵਾਈਸਿਸ, ਸਟਾਈਫੰਡ, ਸਰਜਰੀ ਦੀ ਸਹੂਲਤ, ਫਿਜ਼ੀਓਥਰੈਪੀ, ਮੈਡੀਕਲ ਚੈੱਕਅਪ ਆਦਿ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ ਤਾਂ ਜੋ ਇਹ ਵੀ ਬਾਕੀ ਬੱਚਿਆਂ ਵਾਂਗ ਸਮਾਨ ਰੂਪ ਵਿੱਚ ਵਿਚਰ ਸਕਣ। ਇਸ ਮੌਕੇ ਤੇ ਸਵਿਤਾ, ਸੁਨੀਤਾ, ਰਾਜੂ ਬਾਲਾ, ਰੁਮਾਨੀ, ਸੋਨੀਆ, ਸੀਐਚਟੀ ਰੇਨੂੰ ਬਾਲਾ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।



# ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਨੇ ਆਪ ਸਰਕਾਰ ਦੀਆਂ ਨੀਤੀਆਂ 'ਤੇ ਕਾਰਗੁਜ਼ਾਰੀ ਉੱਤੇ ਲਾਈ ਮੋਹਰ: ਬਰਿੰਦਰ ਕੁਮਾਰ ਗੋਇਲ

ਲਹਿਰਾਗਾਗਾ
ਸਾਂਝੀ ਸੋਚ ਬਿਊਰੋ

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਮਿਲੀ ਵੱਡੀ ਜਿੱਤ ‘ਤੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਨਤੀਜੇ ਲੋਕਾਂ ਦੇ ਭਰੋਸੇ ਅਤੇ ਸਰਕਾਰ ਦੀ ਕਾਰਗੁਜ਼ਾਰੀ ਦਾ ਸਪਸ਼ਟ ਪ੍ਰਮਾਣ ਹਨ। ਉਨ੍ਹਾਂ ਦੱਸਿਆ ਕਿ ਪੰਚਾਇਤ ਸੰਮਤੀ ਦੀਆਂ ਕੁੱਲ 15 ਵਿੱਚੋਂ 12 ਸੀਟਾਂ ‘ਤੇ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ, ਜਿਨ੍ਹਾਂ ਵਿੱਚੋਂ 02 ਸੀਟਾਂ ‘ਤੇ ਉਮੀਦਵਾਰ ਨਿਰਵਿਰੋਧ ਚੁਣੇ ਗਏ।

ਉਨ੍ਹਾਂ ਨੇ ਕਿਹਾ ਕਿ ਇਸ ਦੇ ਨਾਲ ਨਾਲ ਜ਼ਿਲ੍ਹਾ ਪ੍ਰੀਸ਼ਦ ਦੀਆਂ ਸੀਟਾਂ ‘ਤੇ ਆਮ ਆਦਮੀ ਪਾਰਟੀ ਵੱਲੋਂ ਜਿੱਤ ਹਾਸਲ ਕਰਨਾ ਇਸ ਗੱਲ ਦਾ ਸਬੂਤ ਹੈ ਕਿ ਲੋਕਾਂ ਨੇ ਵਿਕਾਸ, ਇਮਾਨਦਾਰ ਪ੍ਰਸ਼ਾਸਨ ਅਤੇ ਲੋਕ-ਹਿਤੈਸ਼ੀ ਨੀਤੀਆਂ ਨੂੰ ਤਰਜੀਹ ਦਿੱਤੀ ਹੈ। ਇਸ ਇਤਿਹਾਸਕ ਜਿੱਤ ਤੋਂ ਬਾਅਦ ਇਲਾਕੇ ਭਰ ਵਿੱਚ ਲੋਕਾਂ ਵੱਲੋਂ ਵੱਡੇ ਪੱਧਰ ਉੱਤੇ ਜਸ਼ਨ ਮਨਾਏ ਜਾ ਰਹੇ ਹਨ ਅਤੇ ਪਾਰਟੀ ਵਰਕਰਾਂ ਸਮੇਤ ਆਮ ਨਾਗਰਿਕ ਵੀ ਖੁਸ਼ੀ ਦਾ ਇਜ਼ਹਾਰ ਕਰ ਰਹੇ ਹਨ। ਗੋਇਲ ਨੇ ਕਿਹਾ ਕਿ ਹਲਕੇ ਵਿਚ ਕਾਂਗਰਸ, ਅਕਾਲੀ ਦਲ ਪੁਨਰ ਸੁਰਜੀਤ ਅਤੇ ਕੋਈ ਹੋਰ ਧਿਰਾਂ ਕੱਠੀਆਂ ਹੋ ਕੇ ਆਪ ਖ਼ਿਲਾਫ਼ ਮੈਦਾਨ ਵਿੱਚ ਨਿੱਤਰੀਆਂ ਸਨ, ਪਰ ਲੋਕਾਂ ਨੇ ਉਹਨਾਂ ਨੂੰ ਮੂੰਹ ਨਹੀਂ ਲਾਇਆ।

ਵਿਰੋਧੀਆਂ ਨੇ ਕਈ ਕਿਸਮ ਦੀਆਂ ਚਾਲਾਂ ਚੱਲੀਆਂ ਪਰ ਲੋਕਾਂ ਨੇ ਉਹਨਾਂ ਦੀ ਕੋਈ ਵੀ ਚਾਲ ਸਫਲ ਨਹੀਂ ਹੋਣ ਦਿੱਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਤੀਜੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਹੁਣ ਤੱਕ ਸਿੱਖਿਆ, ਸਿਹਤ, ਬਿਜਲੀ, ਪਾਣੀ, ਰੋਜ਼ਗਾਰ ਅਤੇ ਪਿੰਡਾਂ ਦੇ ਸਮੁੱਚੇ ਵਿਕਾਸ ਲਈ ਕੀਤੇ ਗਏ ਕੰਮਾਂ ‘ਤੇ ਲੋਕਾਂ ਦੀ ਮੋਹਰ ਹਨ।

ਉਨ੍ਹਾਂ ਨੇ ਕਿਹਾ ਕਿ ਇਹ ਜਿੱਤ ਸਿਰਫ਼ ਇੱਕ ਪਾਰਟੀ ਦੀ ਨਹੀਂ, ਸਗੋਂ ਆਮ ਲੋਕਾਂ ਦੀ ਜਿੱਤ ਹੈ, ਜਿਨ੍ਹਾਂ ਨੇ ਸਾਫ਼-ਸੁਥਰੀ ਰਾਜਨੀਤੀ ਅਤੇ ਜ਼ਮੀਨੀ ਪੱਧਰ ‘ਤੇ ਵਿਕਾਸ ਦੇ ਮਾਡਲ ‘ਤੇ ਭਰੋਸਾ ਜਤਾਇਆ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਨਵੀਂ ਬਣੀ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਲੋਕਾਂ ਦੀਆਂ ਉਮੀਦਾਂ ‘ਤੇ ਖਰੀ ਉਤਰਦਿਆਂ ਪਿੰਡਾਂ ਦੇ ਵਿਕਾਸ, ਬੁਨਿਆਦੀ ਸੁਵਿਧਾਵਾਂ ਦੇ ਵਿਸਥਾਰ ਅਤੇ ਪਾਰਦਰਸ਼ੀ ਪ੍ਰਸ਼ਾਸਨ ਨੂੰ ਪਹਿਲ ਦੇਵੇਗੀ।



ਅੰਤ ਵਿੱਚ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਦੇ ਵਰਕਰਾਂ, ਆਗੂਆਂ ਅਤੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੇ ਭਰੋਸੇ ਨੂੰ ਕਦੇ ਟੁੱਟਣ ਨਹੀਂ ਦੇਵੇਗੀ ਅਤੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਹੋਰ ਵੀ ਜੋਸ਼ ਨਾਲ ਕੰਮ ਕਰਦੀ ਰਹੇਗੀ।

# ਟਰੰਪ ਪ੍ਰਸ਼ਾਸਨ ਦੌਰਾਨ 25 ਲੱਖ ਦੇ ਕਰੀਬ ਗੈਰ ਕਾਨੂੰਨੀ ਪ੍ਰਵਾਸੀ ਅਮਰੀਕਾ ਤੋਂ ਹੋਏ ਬਾਹਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਜਦੋਂ ਦੇ ਸੱਤਾ ਵਿਚ ਆਏ ਹਨ, ਉਨ੍ਹਾਂ ਨੇ ਗੈਰ ਕਾਨੂੰਨੀ ਪ੍ਰਵਾਸ ‘ਤੇ ਨੱਥ ਪਾਉਣ ਲਈ ਵੱਡੇ ਉਪਰਾਲੇ ਕੀਤੇ ਹਨ। ਉਨ੍ਹਾਂ ਦੇ ਦੂਜੀ ਵਾਰੀ ਸੱਤਾ ਸੰਭਾਲਣ ਤੋਂ ਬਾਅਦ ਰਿਕਾਰਡਤੋੜ ਗੈਰ ਕਾਨੂੰਨੀ ਪ੍ਰਵਾਸੀ ਦੇਸ਼ ਛੱਡ ਗਏ ਹਨ। ਇਸ ਸੰਬੰਧੀ ਡੀਐਚਐਸ ਨੇ ਇਕ ਬਿਆਨ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਹੁਣ ਤੱਕ 2.5 ਮਿਲੀਅਨ ਤੋਂ ਵੱਧ ਗੈਰ ਕਾਨੂੰਨੀ ਪ੍ਰਵਾਸੀ ਦੇਸ਼ ਨਿਕਾਲੇ ਜਾਂ ਸਵੈ-ਇੱਛਾ ਤਹਿਤ ਅਮਰੀਕਾ ਛੱਡ ਗਏ ਹਨ। ਰਾਸ਼ਟਰਪਤੀ ਡੋਨਾਲਡ ਟਰੰਪ ਦੇ ਜਨਵਰੀ ਵਿਚ ਅਹੁਦਾ ਸੰਭਾਲਣ ਤੋਂ ਬਾਅਦ 6 ਲੱਖ, 5 ਹਜ਼ਾਰ ਤੋਂ ਵੱਧ ਲੋਕਾਂ ਨੂੰ ਡਿਪੋਰਟ ਕੀਤਾ ਜਾ ਚੁੱਕਾ ਹੈ। ਡਿਪਾਰਟਮੈਂਟ ਆਫ ਹੋਮਲੈਂਡ ਸਕਿਓਰਿਟੀ ਵੱਲੋਂ ਪੇਸ਼ ਕੀਤੇ ਅੰਕੜਿਆਂ ਤੋਂ ਇਹ ਵੀ ਪਤਾ ਲੱਗਦਾ ਹੈ ਕਿ ਟਰੰਪ ਦੇ ਅਹੁਦਾ ਸੰਭਾਲਣ ਤੋਂ ਬਾਅਦ 1.9 ਮਿਲੀਅਨ ਗੈਰ ਕਾਨੂੰਨੀ ਪ੍ਰਵਾਸੀ ਸਵੈ-ਇੱਛਾ ਨਾਲ ਦੇਸ਼ ਛੱਡ ਗਏ ਹਨ। ਡੀਐਚਐਸ ਦੀ ਸਹਾਇਕ ਸਕੱਤਰ ਟਰੇਸੀਆ ਮੈਕਲਾਫਲਿਨ ਨੇ ਕਿਹਾ ਕਿ ਇਥੇ ਗੈਰ ਕਾਨੂੰਨੀ ਤੌਰ ‘ਤੇ ਰਹਿ ਰਹੇ ਲੋਕਾਂ ਨੂੰ ਹਾਲੇ ਵੀ ਲੱਭਿਆ ਜਾ ਰਿਹਾ ਹੈ। ਫੜੇ ਜਾਣ ‘ਤੇ ਉਨ੍ਹਾਂ ਵਿਰੁੱਧ ਤੁਰੰਤ ਸਖਤ ਐਕਸ਼ਨ ਲਿਆ ਜਾਵੇਗਾ ਅਤੇ ਬਾਹਰ ਦਾ ਰਾਹ ਦਿਖਾਇਆ ਜਾਵੇਗਾ। ਡੀਐਚਐਸ ਵੱਲੋਂ ਜਾਰੀ ਕੀਤੇ ਬਿਆਨ ਅਨੁਸਾਰ ਗੈਰ ਕਾਨੂੰਨੀ ਪ੍ਰਵਾਸੀਆਂ ਨੂੰ ਬਾਹਰ ਕੱਢਣ ਤੋਂ ਬਾਅਦ ਜਨਤਕ ਸੇਵਾਵਾਂ ਵਿਚ ਕਮੀ ਆਈ ਹੈ ਅਤੇ ਨੌਕਰੀ ਬਾਜ਼ਾਰਾਂ ਵਿਚ ਪੁਨਰ ਉਭਾਰ ਹੋਇਆ ਹੈ। ਸੰਯੁਕਤ ਰਾਜ ਅਮਰੀਕਾ ਵਿਚ ਗੈਰ ਕਾਨੂੰਨੀ ਤੌਰ ‘ਤੇ ਰਹਿ ਰਹੇ ਲੋਕ ਵੱਡੀ ਗਿਣਤੀ ਵਿਚ ਸੀਬੀਪੀ (ਯੂ.ਐੱਸ. ਕਸਟਮ ਐਂਡ ਬਾਰਡਰ ਪ੍ਰੋਟੈਕਸ਼ਨ) ਹੋਮ ਮੋਬਾਈਲ ਐਪ ਦੀ ਵਰਤੋਂ ਕਰਕੇ ਆਪਣੇ ਮੂਲ ਦੇਸ਼ਾਂ ਨੂੰ ਵਾਪਸ ਜਾ ਰਹੇ ਹਨ। ਇਸ ਰਾਹੀਂ ਉਹ ਵਾਪਸੀ ਲਈ ਮੁਫਤ ਹਵਾਈ ਟਿਕਟ ਅਤੇ ਹਜ਼ਾਰ ਡਾਲਰ ਐਗਜ਼ਿਟ ਬੋਨਸ ਪ੍ਰਾਪਤ ਕਰ ਰਹੇ ਹਨ। ਡੀਐਚਐਸ ਨੇ ਇਕ ਵੈੱਬ ਪੇਜ ਲਾਂਚ ਕੀਤਾ ਹੈ, ਜੋ ਕਿ ਇਨਫੋਰਸਮੈਂਟ ਆਪ੍ਰੇਸ਼ਨਾਂ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਅਪਰਾਧਿਕ ਗੈਰ ਕਾਨੂੰਨੀ ਪ੍ਰਵਾਸੀਆਂ ਬਾਰੇ ਜਾਣਕਾਰੀ ਪ੍ਰਦਰਸ਼ਿਤ ਕਰਦਾ ਹੈ।


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations (traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals- Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd. Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated

# ਪੰਜਾਬ ਵਿੱਚ 'ਆਪ' ਦਾ ਕਲੀਨ ਸਵੀਪ! ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਦਰਜ ਕੀਤੀ ਹੂੰਝਾ ਫੇਰੂ ਜਿੱਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਪਾਰਟੀ ਨੂੰ ਵੱਡਾ ਫਤਵਾ ਦੇਣ ਲਈ ਪੰਜਾਬ ਦੇ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਇਸ ਨਤੀਜੇ ਨੂੰ 'ਆਪ' ਸਰਕਾਰ ਦੇ ਸ਼ਾਸਨ ਅਤੇ ਲੋਕ-ਪੱਖੀ ਨੀਤੀਆਂ ਦਾ ਸਪੱਸ਼ਟ ਸਮਰਥਨ ਦੱਸਿਆ। ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਪੰਜਾਬ ਦੇ ਲੋਕਾਂ ਨੂੰ ਚੋਣਾਂ ਦੇ ਸਫਲ ਆਯੋਜਨ ਲਈ ਵਧਾਈ ਦਿੱਤੀ ਅਤੇ ਕਿਹਾ ਕਿ 14 ਤਰੀਕ ਨੂੰ ਹੋਈਆਂ ਵੋਟਾਂ ਹਾਲ ਹੀ ਦੇ ਸਮੇਂ ਵਿੱਚ ਸਭ ਤੋਂ ਸ਼ਾਂਤੀਪੂਰਨ ਅਤੇ ਨਿਰਪੱਖ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਵਿੱਚੋਂ ਇੱਕ ਸਨ, ਜੋ ਸੁਚਾਰੂ ਅਤੇ ਬਿਨਾਂ ਕਿਸੇ ਘਟਨਾ ਦੇ ਨੇਪਰੇ ਚੜ੍ਹੀਆਂ ਹਨ। ਅਰੋੜਾ ਨੇ ਕਿਹਾ ਕਿ ਜਿਸ ਤਰ੍ਹਾਂ ਨਤੀਜੇ ਲਗਾਤਾਰ ਆ ਰਹੇ ਹਨ ਉਸ ਮੁਤਾਬਿਕ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਇੱਕਪਾਸੜ ਫਤਵਾ ਸਪੱਸ਼ਟ ਰੂਪ ਵਿੱਚ ਦਿਖਾਈ ਦੇ ਰਿਹਾ ਹੈ। ਮੈਂ ਲੋਕਤੰਤਰ ਨੂੰ ਮਜ਼ਬੂਤ ਕਰਨ ਅਤੇ ਸੁਸ਼ਾਸਨ ਵਿੱਚ ਵਿਸ਼ਵਾਸ ਪ੍ਰਗਟਾਉਣ ਲਈ ਸਾਰੇ ਪੰਜਾਬੀਆਂ ਨੂੰ ਵਧਾਈ ਦਿੰਦਾ ਹਾਂ। ਉਨ੍ਹਾਂ ਨੇ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਪਾਰਟੀ ਆਗੂਆਂ, ਵਿਧਾਇਕਾਂ, ਉਮੀਦਵਾਰਾਂ ਅਤੇ ਖਾਸ ਕਰਕੇ ਸਮਰਪਿਤ ਵਾਲੰਟੀਅਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਜਿੱਤ 'ਆਪ' ਸਰਕਾਰ ਦੀ ਪਿਛਲੇ ਕੁਝ ਸਾਲਾਂ ਦੀ ਕਾਰਗੁਜ਼ਾਰੀ ਅਤੇ ਜ਼ਮੀਨੀ ਪੱਧਰ 'ਤੇ ਵਾਲੰਟੀਅਰਾਂ ਦੀ



ਅਣਥੱਕ ਮਿਹਨਤ ਦਾ ਨਤੀਜਾ ਹੈ। ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਪੰਜਾਬ ਭਰ ਦੇ ਕੁੱਲ 354 ਜ਼ੋਨਾਂ ਵਿੱਚੋਂ, ਇਸ ਕਾਨਫਰੰਸ ਕਰਨ ਦੌਰਾਨ 71 ਜ਼ੋਨਾਂ ਦੇ ਨਤੀਜੇ ਐਲਾਨੇ ਗਏ ਸਨ, ਜੋ ਕਿ ਆਮ ਆਦਮੀ ਪਾਰਟੀ ਦੀ ਮਜ਼ਬੂਤ ਲੀਡ ਨੂੰ ਦਰਸਾਉਂਦੇ ਸਨ। 'ਆਪ' ਨੇ 60 ਜ਼ੋਨਾਂ ਵਿੱਚ ਜਿੱਤ ਦਰਜ ਕੀਤੀ ਹੈ, ਜੋ ਕਿ ਭਾਰੀ ਬਹੁਮਤ ਨੂੰ ਦਰਸਾਉਂਦੀ ਹੈ, ਜਦਕਿ ਕਾਂਗਰਸ ਨੇ 7 ਜ਼ੋਨ ਜਿੱਤੇ ਹਨ। ਸ਼੍ਰੋਮਣੀ ਅਕਾਲੀ ਦਲ ਨੇ 1 ਜ਼ੋਨ, ਆਜ਼ਾਦ ਉਮੀਦਵਾਰਾਂ ਨੇ 2 ਅਤੇ ਭਾਜਪਾ ਨੇ 1 ਜ਼ੋਨ ਵਿੱਚ ਜਿੱਤ ਹਾਸਲ ਕੀਤੀ ਹੈ। ਅਰੋੜਾ ਨੇ ਕਿਹਾ ਕਿ ਐਲਾਨੇ ਗਏ ਜ਼ਿਲ੍ਹਾ ਪ੍ਰੀਸ਼ਦ ਦੇ ਲਗਭਗ 85% ਨਤੀਜੇ 'ਆਪ' ਦੇ ਹੱਕ ਵਿੱਚ ਆਏ ਹਨ, ਜੋ ਸਾਡੀਆਂ ਨੀਤੀਆਂ ਅਤੇ ਲੀਡਰਸ਼ਿਪ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਸਾਫ਼ ਦਰਸਾਉਂਦੇ ਹਨ। ਬਲਾਕ ਸੰਮਤੀ ਚੋਣਾਂ ਵਿੱਚ, ਪੰਜਾਬ ਭਰ ਦੇ ਕੁੱਲ 2,863 ਬਲਾਕਾਂ ਵਿੱਚੋਂ, ਇਸ ਪ੍ਰੈਸ ਕਾਨਫਰੰਸ ਤੱਕ 1,275 ਬਲਾਕਾਂ ਦੇ ਨਤੀਜੇ ਘੋਸ਼ਿਤ ਕੀਤੇ ਗਏ ਸਨ। 'ਆਪ' ਨੇ 867 ਬਲਾਕਾਂ ਵਿੱਚ ਜਿੱਤ ਹਾਸਲ ਕੀਤੀ ਹੈ, ਜੋ ਕਿ ਐਲਾਨੇ ਗਏ ਨਤੀਜਿਆਂ ਦਾ ਲਗਭਗ 68% ਹੈਕਾਂਗਰਸ ਨੇ 216 ਬਲਾਕ, ਸ਼੍ਰੋਮਣੀ ਅਕਾਲੀ ਦਲ ਨੇ 129, ਆਜ਼ਾਦ ਉਮੀਦਵਾਰਾਂ ਨੇ 63 ਅਤੇ ਭਾਜਪਾ ਨੇ 20 ਬਲਾਕਾਂ ਵਿੱਚ ਜਿੱਤ ਦਰਜ ਕੀਤੀ ਹੈ। ਇਸ ਨੂੰ 'ਆਪ' ਦੀ ਇੱਕਪਾਸੜ ਜਿੱਤ ਕਰਾਰ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਹਾਲਾਂਕਿ ਬੈਲਟ ਪੇਪਰਾਂ ਰਾਹੀਂ ਗਿਣਤੀ ਇੱਕ ਹੌਲੀ ਪ੍ਰਕਿਰਿਆ ਹੈ, ਪਰ ਰੁਝਾਨ ਸਪੱਸ਼ਟ ਤੌਰ 'ਤੇ ਆਮ ਆਦਮੀ ਪਾਰਟੀ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਵੱਲ ਪੰਜਾਬ ਦੇ ਝੁਕਾਅ ਨੂੰ ਦਰਸਾਉਂਦੇ ਹਨ। ਉਨ੍ਹਾਂ ਕਿਹਾ ਕਿ ਅਸੀਂ ਪਿਛਲੇ ਚਾਰ ਸਾਲਾਂ ਦੌਰਾਨ 'ਆਪ' ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਲੈ ਕੇ ਜਨਤਾ ਦੀ ਕਚਹਿਰੀ ਵਿੱਚ ਗਏ ਸੀ ਅਤੇ ਪੰਜਾਬ ਦੇ ਲੋਕਾਂ ਨੇ ਸਾਡੇ ਸ਼ਾਸਨ 'ਤੇ ਮੋਹਰ ਲਾ ਦਿੱਤੀ ਹੈ। ਅਮਨ ਅਰੋੜਾ ਨੇ ਵੋਟਰਾਂ ਦਾ ਉਨ੍ਹਾਂ ਦੇ ਭਰਪੂਰ ਸਮਰਥਨ ਲਈ ਧੰਨਵਾਦ ਕੀਤਾ ਅਤੇ ਸਾਰੇ ਜੇਤੂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਮੈਂਬਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਭਰੋਸਾ ਦਿੱਤਾ ਕਿ 'ਆਪ' ਪੰਜਾਬ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਇਮਾਨਦਾਰੀ, ਪਾਰਦਰਸ਼ਤਾ ਅਤੇ ਸਮਰਪਣ ਨਾਲ ਕੰਮ ਕਰਨਾ ਜਾਰੀ ਰੱਖੇਗੀ।

# ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਫੇਜ਼-11 ਵਿੱਚ ਤੋੜਫੋੜ ਕਾਰਵਾਈ ਦੀ ਕੜੀ ਨਿੰਦਾ ਕੀਤੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੀਨੀਅਰ ਕਾਂਗਰਸ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਦੇ ਫੇਜ਼-11 ਵਿੱਚ ਚੱਲ ਰਹੀ ਤੋੜਫੋੜ ਕਾਰਵਾਈ ਦਾ ਕੜਾ ਵਿਰੋਧ ਕਰਦਿਆਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਸਰਕਾਰ ਅਤੇ ਇਸ ਦੀਆਂ ਏਜੰਸੀਆਂ ਕਾਨੂੰਨ ਦੇ ਨਾਂ 'ਤੇ ਮਨਮਾਨੀ ਅਤੇ ਗੈਰ-ਕਾਨੂੰਨੀ ਕਾਰਵਾਈ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਆਮ ਨਾਗਰਿਕਾਂ, ਛੋਟੇ ਦੁਕਾਨਦਾਰਾਂ ਅਤੇ ਰੇਹੜੀ-ਫੜੀ ਵਾਲਿਆਂ ਦੀ ਰੋਜ਼ੀ-ਰੋਟੀ ਅਤੇ ਸਮਾਨ ਨੂੰ ਕੁਚਲ ਕੇ ਕੋਈ ਵੀ ਤੋੜਫੋੜ ਸਵੀਕਾਰਯੋਗ ਨਹੀਂ ਹੈ।

ਬਲਬੀਰ ਸਿੰਘ ਸਿੱਧੂ ਨੇ ਦਾਅਵਾ ਕੀਤਾ ਕਿ ਗਮਾਡਾ ਬਿਨਾਂ ਕਾਨੂੰਨੀ ਪ੍ਰਕਿਰਿਆ ਦਾ ਪਾਲਣ ਕੀਤੇ ਅਤੇ ਪ੍ਰਭਾਵਿਤ ਲੋਕਾਂ ਨੂੰ ਪਹਿਲਾਂ ਸੂਚਨਾ ਦਿੱਤੇ ਬਿਨਾਂ ਜ਼ਬਰਦਸਤੀ ਤੋੜਫੋੜ ਕਰ ਰਹੀ ਹੈ, ਜੋ ਪੂਰੀ ਤਰ੍ਹਾਂ ਗੈਰਕਾਨੂੰਨੀ, ਮਨਮਾਨੀ ਅਤੇ ਗੈਰਸੰਵਿਧਾਨਕ ਹੈ। ਉਨ੍ਹਾਂ ਕਿਹਾ, "ਇਹ ਮਿਹਨਤਕਸ਼ ਲੋਕਾਂ 'ਤੇ ਥੋਪੀ ਜਾ ਰਹੀ ਬੁਲਡੋਜ਼ਰ-ਸ਼ੈਲੀ ਦੀ ਸ਼ਾਸਨ ਪ੍ਰਣਾਲੀ ਹੈ।"

ਸੁਪਰੀਮ ਕੋਰਟ ਦੇ ਫੈਸਲਿਆਂ ਦਾ ਹਵਾਲਾ ਦਿੰਦਿਆਂ, ਸਿੱਧੂ ਨੇ ਕਿਹਾ ਕਿ ਸਿਖਰਲੀ ਅਦਾਲਤ ਨੇ ਬਾਰ-ਬਾਰ ਸਪਸ਼ਟ ਕਰ ਚੁੱਕੀ ਹੈ ਕਿ ਰੋਜ਼ੀ-ਰੋਟੀ ਦਾ ਅਧਿਕਾਰ ਸੰਵਿਧਾਨ ਦੇ ਅਨੁਛੇਦ 21 ਦਾ ਅਟੁੱਟ ਹਿੱਸਾ ਹੈ। ਓਲਗਾ ਟੇਲਿਸ ਬਨਾਮ ਬੰਬੇ ਨਗਰ ਨਿਗਮ ਸਮੇਤ ਇਤਿਹਾਸਕ ਫੈਸਲਿਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਬਿਨਾਂ ਉੱਚਿਤ ਨੋਟਿਸ, ਸੁਣਵਾਈ, ਕਾਨੂੰਨੀ ਪ੍ਰਕਿਰਿਆ ਅਤੇ ਪੁਨਰਵਾਸ ਦੇ ਕੋਈ ਵੀ ਬੇਦਖਲੀ ਜਾਂ ਤੋੜਫੋੜ ਕਾਰਵਾਈ ਨਹੀਂ ਕੀਤੀ ਜਾ ਸਕਦੀ, ਅਤੇ ਇਨ੍ਹਾਂ ਨਿਯਮਾਂ ਦਾ ਉਲੰਘਣ ਕਾਨੂੰਨਨ ਅਪਰਾਧ ਹੈ।

ਉਨ੍ਹਾਂ ਕਿਹਾ ਕਿ ਫੇਜ਼-11 ਵਿੱਚ ਨਿਵਾਸੀਆਂ ਵੱਲੋਂ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਆਪ ਸਰਕਾਰ ਦੀ ਅਸੰਵੇਦਨਸ਼ੀਲਤਾ ਅਤੇ ਅਸਫਲਤਾ ਨੂੰ ਦਰਸਾਉਂਦੇ ਹਨ, ਜੋ ਸੰਵਾਦ ਦੀ ਥਾਂ ਜ਼ਬਰਦਸਤੀ ਦਾ ਰਸਤਾ ਅਪਣਾ ਰਹੀ ਹੈ। ਸਿੱਧੂ ਨੇ ਕਿਹਾ, "ਅਦਾਲਤੀ ਹੁਕਮਾਂ ਦਾ ਦੁਰੁਪਯੋਗ ਪ੍ਰਸ਼ਾਸਕੀ ਅਹੰਕਾਰ ਛੁਪਾਉਣ ਲਈ ਨਹੀਂ ਕੀਤਾ ਜਾ ਸਕਦਾ। ਸੁਪਰੀਮ ਕੋਰਟ ਨੇ ਖੁਦ ਕਿਹਾ ਹੈ ਕਿ ਕਾਰਵਾਈ ਨਿਰਪੱਖ, ਮਨੁੱਖੀ ਅਤੇ ਕਾਨੂੰਨੀ ਹੋਣੀ ਚਾਹੀਦੀ ਹੈ।"

ਸਪਸ਼ਟ ਰਾਜਨੀਤਕ ਰੁਖ ਅਪਣਾਉਂਦੇ ਹੋਏ ਬਲਬੀਰ ਸਿੰਘ ਸਿੱਧੂ ਨੇ ਐਲਾਨ ਕੀਤਾ ਕਿ ਉਹ ਅਤੇ ਕਾਂਗਰਸ ਪਾਰਟੀ ਇਸ ਤਰ੍ਹਾਂ ਦੀ ਗੈਰਕਾਨੂੰਨੀ ਤੋੜਫੋੜ ਨੂੰ ਕਿਸੇ ਵੀ ਕੀਮਤ 'ਤੇ ਹੋਣ ਨਹੀਂ ਦੇਣਗੇ। ਉਨ੍ਹਾਂ ਕਿਹਾ, "ਅਸੀਂ ਅਤੇ ਕਾਂਗਰਸ, ਆਪ ਸਰਕਾਰ ਨੂੰ ਮੋਹਾਲੀ ਦੇ ਲੋਕਾਂ ਦੇ ਅਧਿਕਾਰਾਂ ਅਤੇ ਰੋਜ਼ਗਾਰ 'ਤੇ ਬੁਲਡੋਜ਼ਰ ਚਲਾਉਣ ਨਹੀਂ ਦੇਵਾਂਗੇ। ਅਸੀਂ ਸੜਕਾਂ 'ਤੇ, ਅਦਾਲਤਾਂ ਵਿੱਚ ਅਤੇ ਹਰ ਲੋਕਤਾਂਤਰੀ ਮੰਚ 'ਤੇ ਜਨਤਾ ਨਾਲ ਖੜੇ ਰਹਾਂਗੇ।"

ਬਲਬੀਰ ਸਿੰਘ ਸਿੱਧੂ ਨੇ ਆਪ ਸਰਕਾਰ ਤੋਂ ਤੁਰੰਤ ਤੋੜਫੋੜ ਮੁਹਿੰਮ ਰੋਕਣ, ਗਮਾਡਾ 'ਤੇ ਨਿਯੰਤਰਣ ਲਗਾਉਣ ਅਤੇ ਪ੍ਰਭਾਵਿਤ ਨਿਵਾਸੀਆਂ ਅਤੇ ਦੁਕਾਨਦਾਰਾਂ ਨਾਲ ਸੰਵਾਦ ਸ਼ੁਰੂ ਕਰਨ ਦੀ ਮੰਗ ਕੀਤੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਚੁਣੀਂਦੀ ਅਤੇ ਜ਼ਬਰਦਸਤੀ ਦੀ ਕਾਰਵਾਈ ਜਾਰੀ ਰੱਖਦੀ ਹੈ, ਤਾਂ ਕਾਂਗਰਸ ਪਾਰਟੀ ਰਾਜਨੀਤਕ ਅਤੇ ਕਾਨੂੰਨੀ ਦੋਹਾਂ ਪੱਧਰਾਂ 'ਤੇ ਸੰਘਰਸ਼ ਤੇਜ਼ ਕਰੇਗੀ। ਕਾਂਗਰਸ ਪਾਰਟੀ ਮਜ਼ਬੂਤੀ ਨਾਲ ਜਨਤਾ ਨਾਲ ਖੜੀ ਹੈ। ਕਾਨੂੰਨ ਦਾ ਕੰਮ ਨਾਗਰਿਕਾਂ ਦੀ ਰੱਖਿਆ ਕਰਨਾ ਹੈ, ਉਨ੍ਹਾਂ ਨੂੰ ਡਰਾਉਣਾ ਨਹੀਂ। ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਆਪ ਸ਼ਾਸਨ ਵਿੱਚ ਹੋਈ ਹਰ ਅਨਿਆਇਕ ਕਾਰਵਾਈ ਲਈ ਜਵਾਬਦੇਹੀ ਤੈਅ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਾਨੂੰਨ ਸਭ ਤੋਂ ਉੱਪਰ ਹੈ। ਅਸੀਂ ਨਿਆਂ, ਸੰਵਿਧਾਨ ਅਤੇ ਨਾਗਰਿਕ ਅਧਿਕਾਰਾਂ ਦੀ ਰੱਖਿਆ ਲਈ ਡਟ ਕੇ ਖੜੇ ਰਹਾਂਗੇ।



# ਹਰਿਆਲੀ ਹੇਠ ਰਕਬਾ ਵਧਾਉਣ ਅਤੇ ਵਾਤਾਵਰਣ ਸੰਭਾਲ ਲਈ ਜੰਗਲ ਅਤੇ ਕੁਦਰਤ ਜਾਗਰੂਕਤਾ ਪਾਰਕ ਕੀਤੇ ਜਾ ਰਹੇ ਹਨ ਵਿਕਸਿਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚ ਜੰਗਲਾਤ ਹੇਠਲੇ ਰਕਬੇ ਨੂੰ ਵਧਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਣ ਯਕੀਨੀ ਬਣਾਉਣ ਦੇ ਉਦੇਸ਼ ਨਾਲ, ਪੰਜਾਬ ਸਰਕਾਰ 8 ਜੰਗਲ ਅਤੇ ਕੁਦਰਤ ਜਾਗਰੂਕਤਾ ਪਾਰਕ ਵਿਕਸਿਤ ਕਰ ਰਹੀ ਹੈ। ਇਨ੍ਹਾਂ ਵਿੱਚੋਂ ਚਾਰ ਪਾਰਕ ਪਠਾਨਕੋਟ ਵਿੱਚ, 2 ਪਟਿਆਲਾ ਵਿੱਚ ਅਤੇ ਅੰਮ੍ਰਿਤਸਰ ਅਤੇ ਹੁਸ਼ਿਆਰਪੁਰ ਵਿੱਚ 1-1 ਪਾਰਕ ਗਰੀਨਿੰਗ ਪੰਜਾਬ ਮਿਸ਼ਨ ਅਧੀਨ ਵਿਕਸਿਤ ਕੀਤੇ ਜਾ ਰਹੇ ਹਨ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਇਨ੍ਹਾਂ ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ ਜੰਗੀ ਪੱਧਰ 'ਤੇ ਕੰਮ ਕਰ ਰਿਹਾ ਹੈ। ਪਠਾਨਕੋਟ ਵਿੱਚ, ਪਿੰਡ ਘਰੋਟਾ (0.50 ਹੈਕਟੇਅਰ), ਕਟਾਰੂਚੱਕ (0.75 ਹੈਕਟੇਅਰ), ਹੈਬਤ ਪਿੰਡੀ (0.60 ਹੈਕਟੇਅਰ) ਅਤੇ ਆਈ.ਟੀ.ਆਈ. ਬਮਿਆਲ ਵਿਖੇ ਇਹ ਵਾਤਾਵਰਣ ਪਾਰਕ ਬਣਾਏ ਜਾ ਰਹੇ ਹਨ। ਇਸੇ ਤਰ੍ਹਾਂ, ਪਟਿਆਲਾ ਵਿੱਚ ਬੈਰਨ ਮਾਈਨਰ ਸਮੇਤ ਦੋ ਥਾਵਾਂ 'ਤੇ ਵਾਤਾਵਰਣ ਪਾਰਕ ਵਿਕਸਤ ਕੀਤੇ ਜਾ ਰਹੇ ਹਨ।

ਅੰਮ੍ਰਿਤਸਰ ਵਿੱਚ, ਪਿੰਡ ਜਗਦੇਵ ਕਲਾਂ ਪੁਲ ਵਿਖੇ ਵਾਤਾਵਰਣ ਪਾਰਕ ਬਣਾਇਆ ਜਾ ਰਿਹਾ ਹੈ,ਜਦੋਂ ਕਿ ਹੁਸ਼ਿਆਰਪੁਰ ਦੇ ਬੱਸੀ ਪੁਰਾਣੀ ਵਿਖੇ ਇੱਕ ਵਣ ਚੇਤਨਾ ਪਾਰਕ ਪ੍ਰਗਤੀ ਅਧੀਨ ਹੈ। ਹੈਬਤ ਪਿੰਡ ਵਿਖੇ ਪਾਰਕ ਦੇ ਸੰਬੰਧ ਵਿੱਚ, ਇੰਟਰਲਾਕਿੰਗ ਟਾਈਲਾਂ ਵਾਲੇ ਨੇਚਰ ਟ੍ਰੇਲ ਦਾ ਕੰਮ ਪੂਰਾ ਹੋ ਗਿਆ ਹੈ, ਜਦੋਂ ਕਿ ਖੇਡ ਉਪਕਰਣ ਸਥਾਪਿਤ ਕਰਨ ਅਤੇ ਓਪਨ ਏਅਰ ਸ਼ੈਲਟਰ (ਗਾਜ਼ੇਬੋ) ਨਿਰਮਾਣ ਅਧੀਨ ਹੈ। ਘਰੋਟਾ ਵਿਖੇ ਵੀ, ਇੰਟਰਲਾਕਿੰਗ ਟਾਈਲਾਂ ਵਾਲੇ ਨੇਚਰ ਟ੍ਰੇਲ ਦਾ ਕੰਮ ਪੂਰਾ ਹੋ ਗਿਆ ਹੈ ਜਦੋਂ ਕਿ ਖੇਡ ਉਪਕਰਣ ਸਥਾਪਿਤ ਕਰਨ ਅਤੇ ਓਪਨ ਏਅਰ ਸ਼ੈਲਟਰ (ਗਾਜ਼ੇਬੋ) ਦੀ ਸਥਾਪਨਾ ਇਸ ਸਮੇਂ ਚੱਲ ਰਹੀ ਹੈ।

ਇਸੇ ਤਰ੍ਹਾਂ ਪਿੰਡ ਕਟਾਰੂਚੱਕ ਵਿੱਚ ਵੀ ਇੰਟਰਲਾਕਿੰਗ ਟਾਈਲਾਂ ਵਾਲੇ ਨੇਚਰ ਟ੍ਰੇਲ ਅਤੇ ਖੇਡ ਉਪਕਰਣਾਂ ਦੀ ਸਥਾਪਨਾ ਦਾ ਕੰਮ ਬਹੁਤ ਤੇਜ਼ੀ ਨਾਲ ਜਾਰੀ ਹੈ। ਸੂਬਾ ਸਰਕਾਰ ਦਾ ਇਹ ਸੁਹਿਰਦ ਯਤਨ ਰਿਹਾ ਹੈ ਕਿ ਵੱਧ ਤੋਂ ਵੱਧ ਹਰਿਆਲੀ ਨੂੰ ਯਕੀਨੀ ਬਣਾਇਆ ਜਾਵੇ ਅਤੇ ਨਾਲ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਣ ਦੀ ਰੱਖਿਆ ਲਈ ਉਪਾਅ ਕੀਤੇ ਜਾਣ। ਇਸ ਸਬੰਧ ਵਿੱਚ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਪੰਜਾਬ 'ਦਿ ਪੰਜਾਬ ਪ੍ਰੋਟੈਕਸ਼ਨ ਆਫ਼ ਟ੍ਰੀਜ਼ ਐਕਟ, 2025' ਦਾ ਖਰੜਾ ਤਿਆਰ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ, ਜਿਸਦਾ ਉਦੇਸ਼ ਹਰਿਆਵਲ ਨੂੰ ਬਣਾਈ ਰੱਖਣਾ, ਵਾਤਾਵਰਣ ਸੰਤੁਲਨ ਨੂੰ ਯਕੀਨੀ ਬਣਾਉਣਾ ਅਤੇ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਹੀ ਮਿੱਟੀ ਦੀ ਸੰਭਾਲ ਕਰਨਾ ਹੈ।

ਇਹ ਐਕਟ ਪੰਜਾਬ ਦੇ ਸਾਰੇ ਸ਼ਹਿਰੀ ਖੇਤਰਾਂ ਵਿੱਚ ਲਾਗੂ ਹੋਵੇਗਾ। ਐਕਟ ਅਨੁਸਾਰ ਕਿਸੇ ਵੀ ਨਗਰ ਕੌਂਸਲ, ਨਗਰ ਨਿਗਮ, ਨੋਟੀਫਾਈਡ ਏਰੀਆ ਕਮੇਟੀ, ਟਾਊਨ ਏਰੀਆ ਕਮੇਟੀ ਜਾਂ ਸ਼ਹਿਰੀ ਵਿਕਾਸ ਅਥਾਰਟੀ/ਇਕਾਈ ਇਸ ਤਹਿਤ ਕਵਰ ਹੋਣਗੇ। ਐਕਟ ਵਿੱਚ ਇੱਕ ਟ੍ਰੀ ਅਫਸਰ ਦਾ ਵੀ ਪ੍ਰਬੰਧ ਹੈ ਜਿਸਦਾ ਅਰਥ ਹੈ ਪੰਜਾਬ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਇੱਕ ਕਾਰਜਕਾਰੀ ਅਫਸਰ ਜਾਂ ਰਾਜ ਸਰਕਾਰ ਦੁਆਰਾ ਇਸ ਤਰ੍ਹਾਂ ਨੋਟੀਫਾਈ ਕੀਤਾ ਕੋਈ ਹੋਰ ਅਧਿਕਾਰੀ।


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਮੀਤ ਹੇਅਰ ਨੇ ਪਾਰਲੀਮੈਂਟ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਮਿਲਦੇ ਨਿਗੂਣੇ ਭੱਤੇ ਵਧਾਉਣ ਦਾ ਮੁੱਦਾ ਚੁੱਕਿਆ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਪਾਰਲੀਮੈਂਟ ਵਿੱਚ ਸਪਲੀਮੈਂਟਰੀ ਮੰਗਾਂ ਉਤੇ ਬੋਲਦਿਆਂ ਭਖਦੇ ਮੁੱਦੇ ਉਠਾਏ ਅਤੇ ਗ੍ਰਾਂਟਾਂ ਦੀ ਮੰਗ ਕੀਤੀ। ਮੀਤ ਹੇਅਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੱਕੇ ਕਰਨ ਦੇ ਨਾਲ ਉਨ੍ਹਾਂ ਨੂੰ ਮਿਲਦੇ ਨਿਗੂਣੇ ਭੱਤੇ ਵਧਾਉਣ, ਪੰਜਾਬ ਨੂੰ ਹੜ੍ਹਾਂ ਦੇ ਐਲਾਨੇ 1600 ਕਰੋੜ ਰੁਪਏ ਦੇ ਪੈਕੇਜ ਦੇ ਨਾਲ ਪੰਜਾਬ ਦੇ ਹੋਏ ਅਸਲ ਨੁਕਸਾਨ ਦੀ ਭਰਪਾਈ ਲਈ 20 ਹਜ਼ਾਰ ਕਰੋੜ ਦੇਣ ਦੀ ਮੰਗ ਉਠਾਈ। ਜਨਗਣਨਾ ਨਾ ਹੋਣ ਕਾਰਨ ਵਧਦੀ ਆਬਾਦੀ ਦੇ ਮੱਦੇਨਜ਼ਰ ਜਨਤਕ ਵੰਡ ਪ੍ਰਣਾਲੀ ਤਹਿਤ ਨਵੇਂ ਰਾਸ਼ਨ ਕਾਰਡ ਤੁਰੰਤ ਬਣਾਉਣ ਦੀ ਵੀ ਮੰਗ ਕੀਤੀ। ਖੇਡਾਂ ਵਿੱਚ ਜਾਰੀ ਹੁੰਦੀਆਂ ਗ੍ਰਾਂਟਾਂ ਵਿੱਚ ਸੂਬਿਆਂ ਦੇ ਖੇਡ ਪ੍ਰਦਰਸ਼ਨ ਨੂੰ ਆਧਾਰ ਬਣਾਉਣ ਦੀ ਗੱਲ ਆਖੀ। ਮੀਤ ਹੇਅਰ ਨੇ ਵਿਕਸਤ ਭਾਰਤ ਦੇ ਮਾਡਲ ਉੱਤੇ ਚੋਟ ਕਰਦਿਆਂ ਕਿਹਾ ਕਿ ਭੁੱਖਮਰੀ ਇੰਡੈਕਸ ਵਿੱਚ ਭਾਰਤ 123 ਮੁਲਕਾਂ ਵਿੱਚੋਂ 102 ਨੰਬਰ ਉੱਤੇ ਹੈ। ਬੱਚਿਆਂ ਦੇ ਪਾਲਣ ਪੋਸ਼ਣ ਵਿੱਚ ਆਂਗਣਵਾੜੀ ਵਰਕਰ ਸਭ ਤੋਂ ਅਹਿਮ ਹਨ ਪ੍ਰੰਤੂ ਉਨਾਂ ਦਾ ਸੋਸ਼ਣ ਕੀਤਾ ਜਾਂਦਾ ਹੈ। ਕੇਂਦਰ ਵੱਲੋਂ ਵਰਕਰ ਨੂੰ ਮਹਿਜ਼ 4500 ਰੁਪਏ ਅਤੇ ਹੈਲਪਰ ਨੂੰ 2250 ਰੁਪਏ ਦਿੱਤੇ ਜਾਂਦੇ ਹਨ। ਸਰਕਾਰ ਉਨ੍ਹਾਂ ਦੇ ਭੱਤੇ ਵਧਾ ਕੇ ਪੱਕੀ ਤਨਖਾਹ ਨਿਰਧਾਰਤ ਕਰੇ ਅਤੇ ਉਨ੍ਹਾਂ ਨੂੰ ਪੱਕਾ ਕਰੇ। ਆਪ ਮੈਂਬਰ ਪਾਰਲੀਮੈਂਟ ਨੇ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਦਾ ਜ਼ਿਕਰ ਕਰਦਿਆਂ



ਕਿਹਾ ਕਿ ਪੰਜਾਬ ਦਾ 20000 ਕਰੋੜ ਰੁਪਏ ਦਾ ਵਿੱਤੀ ਨੁਕਸਾਨ ਹੋਇਆ ਅਤੇ ਉੱਪਰੋਂ ਬੁਨਿਆਦੀ ਢਾਂਚਾ ਅਸਤ ਵਿਅਸਤ ਹੋ ਗਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਪੰਜਾਬ ਲਈ 1600 ਕਰੋੜ ਰੁਪਏ ਦਾ ਹੜ੍ਹ ਪੈਕੇਜ ਐਲਾਨਿਆ ਗਿਆ ਪਰ ਹੁਣ ਤੱਕ ਕੁਝ ਵੀ ਨਹੀਂ ਮਿਲਿਆ। ਕੇਂਦਰ ਹੜ੍ਹਾਂ ਦੇ ਐਲਾਨੇ ਪੈਕੇਜ ਦੇ ਨਾਲ 20 ਹਜ਼ਾਰ ਕਰੋੜ ਤੁਰੰਤ ਜਾਰੀ ਕਰੇ। ਜਨਤਕ ਵੰਡ ਪ੍ਰਣਾਲੀ ਲਈ ਰਾਸ਼ਨ-ਕਾਰਡਾਂ ਦੀ ਘੱਟ ਗਿਣਤੀ ਦਾ ਮਾਮਲਾ ਉਠਾਉਂਦਿਆਂ ਮੀਤ ਹੇਅਰ ਨੇ ਕਿਹਾ ਕਿ ਕੋਵਿਡ ਕਾਰਨ 2021 ਵਿੱਚ ਜਨਗਣਨਾ ਨਹੀਂ ਹੋਈ ਅਤੇ ਆਉਂਦੇ ਸਮੇਂ ਵਿੱਚ ਵੀ ਇਸ ਦੀ ਕੋਈ ਸੰਭਾਵਨਾ ਨਹੀਂ ਲੱਗਦੀ। ਉਨ੍ਹਾਂ ਕਿਹਾ ਕਿ 2011 ਦੀ ਜਨਗਣਨਾ ਮੁਤਾਬਕ ਪੰਜਾਬ ਵਿੱਚ 14145000 ਰਾਸ਼ਨ ਕਾਰਡ ਬਣੇ ਹਨ ਜਦੋਂਕਿ ਆਬਾਦੀ ਵਿੱਚ ਹੋਏ ਵਾਧੇ ਨੂੰ ਦੇਖਦਿਆਂ ਗਰੀਬੀ ਰੇਖਾ ਤੋਂ ਹੇਠਾਂ ਪਰਿਵਾਰਾਂ ਦੀ ਗਿਣਤੀ ਵੀ ਵਧ ਗਈ ਹੈ ਜਿਸ ਕਾਰਨ ਪੰਜਾਬ ਵਿੱਚ ਰਾਸ਼ਨ ਕਾਰਡਾਂ ਦੀ ਗਿਣਤੀ ਵਧਾਈ ਜਾਵੇ। ਖੇਡ ਗ੍ਰਾਂਟਾਂ ਵਿੱਚ ਪੰਜਾਬ ਨਾਲ ਹੁੰਦੀ ਵਿਤਕਰੇਬਾਜ਼ੀ ਦਾ ਮਾਮਲਾ ਉਠਾਉਂਦਿਆਂ ਮੀਤ ਹੇਅਰ ਨੇ ਕਿਹਾ ਕਿ ਖੇਲੋ ਇੰਡੀਆ ਦੀਆਂ ਗਰਾਂਟਾਂ ਵਿੱਚ ਪੰਜਾਬ ਨੂੰ ਅੱਖੋ ਪਰੋਖੇ ਕੀਤਾ ਗਿਆ ਜਦੋਂਕਿ 2024 ਵਿੱਚ ਗੁਜਰਾਤ ਨੂੰ ਕਰੋੜ ਰੁਪਏ ਦਿੱਤੇ ਗਏ। 2024 ਪੈਰਿਸ ਓਲੰਪਿਕ ਖੇਡਾਂ ਵਿੱਚ ਗੁਜਰਾਤ ਨੇ ਕੋਈ ਤਮਗਾ ਨਹੀਂ ਜਿੱਤਿਆ ਜਦੋਂਕਿ ਪੰਜਾਬ ਦੇ 8 ਖਿਡਾਰੀਆਂ ਨੇ ਹਾਕੀ ਵਿੱਚ ਤਮਗਾ ਜਿੱਤਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸੰਸਾਰਪੁਰ ਜਿਹੇ ਪਿੰਡ ਵੀ ਹਨ ਜਿਨ੍ਹਾਂ ਇੱਕ ਪਿੰਡ ਵਿੱਚੋਂ ਕਈ ਤਮਗਾ ਜੇਤੂ ਖਿਡਾਰੀ ਪੈਦਾ ਕੀਤੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਗ੍ਰਾਂਟ ਸੂਬਿਆਂ ਨੂੰ ਉਨ੍ਹਾਂ ਦੇ ਖੇਡ ਪ੍ਰਦਰਸ਼ਨ ਅਨੁਸਾਰ ਦਿੱਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਭਾਰਤ ਸਾਲ 2030 ਵਿੱਚ ਰਾਸ਼ਟਰਮੰਡਲ ਖੇਡਾਂ ਦੀ ਮੇਜ਼ਬਾਨੀ ਕਰ ਰਿਹਾ ਹੈ ਪ੍ਰੰਤੂ ਕੇਂਦਰ ਸਰਕਾਰ ਨੇ ਇਸ ਵਾਰ ਸਪਲੀਮੈਂਟਰੀ ਗਰਾਂਟਾਂ ਵਿੱਚ ਖੇਡਾਂ ਲਈ ਕੋਈ ਮੰਗ ਨਹੀਂ ਕੀਤੀ।

# ਕਬੱਡੀ ਖਿਡਾਰੀ ਦੇ ਕਤਲ ਮਾਮਲੇ ਵਿੱਚ ਮੁੱਖ ਦੋਸ਼ੀ ਨੂੰ ਸੰਖੇਪ ਗੋਲੀਬਾਰੀ ਦੌਰਾਨ ਕੀਤਾ ਬੇਅਸਰ, ਦੋ ਪੁਲਿਸ ਮੁਲਾਜ਼ਮ ਵੀ ਹੋਏ ਫੱਟੜ

ਮੋਹਾਲੀ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਐਸਏਐਸ ਨਗਰ ਜ਼ਿਲ੍ਹਾ ਪੁਲਿਸ ਵੱਲੋਂ ਵੱਡੀ ਕਾਰਵਾਈ ਕਰਦਿਆਂ ਕਬੱਡੀ ਖਿਡਾਰੀ ਦੇ ਕਤਲ ਮਾਮਲੇ ਵਿੱਚ ਸ਼ਾਮਲ ਮੁੱਖ ਦੋਸ਼ੀ ਨੂੰ, ਪੁਲਿਸ ਟੀਮਾਂ ਵੱਲੋਂ ਕੀਤੀ ਗਈ ਜਵਾਬੀ ਗੋਲੀਬਾਰੀ ਦੌਰਾਨ ਬੇਅਸਰ ਕਰ ਦਿੱਤਾ ਗਿਆ। ਬੁੱਧਵਾਰ ਨੂੰ ਲਾਲੜੂ ਵਿੱਚ ਹੋਈ ਇਸ ਮੁੱਠਭੇੜ ਵਿੱਚ ਦੋ ਪੁਲਿਸ ਮੁਲਾਜ਼ਮ ਵੀ ਜ਼ਖ਼ਮੀ ਹੋ ਗਏ। ਸੀਨੀਅਰ ਪੁਲਿਸ ਸੁਪਰਡੈਂਟ (ਐਸ.ਐਸ.ਪੀ.) ਐਸਏਐਸ ਨਗਰ ਹਰਮਨਦੀਪ ਹੰਸ ਨੇ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਮੁਲਜ਼ਮ ਦੀ ਪਛਾਣ ਹਰਪਿੰਦਰ ਉਰਫ ਮਿੱਢੀ ਵਜੋਂ ਕੀਤੀ, ਜੋ ਕਿ ਤਰਨਤਾਰਨ ਦੇ ਨੌਸ਼ਹਿਰਾ ਪੰਨੂਆਂ ਦਾ ਰਹਿਣ ਵਾਲਾ ਹੈ। ਉਨ੍ਹਾਂ ਕਿਹਾ ਕਿ ਗੋਲੀਬਾਰੀ ਦੌਰਾਨ ਉਕਤ ਦੋਸ਼ੀ ਨੂੰ ਗੋਲੀਆਂ ਲੱਗੀਆਂ ਅਤੇ ਉਸਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਉਹ ਦਮ ਤੋੜ ਗਿਆ।
ਜਾਣਕਾਰੀ ਅਨੁਸਾਰ, ਕਬੱਡੀ ਖਿਡਾਰੀ-ਕਮ-ਪ੍ਰਮੋਟਰ ਕੰਵਰ ਦਿਗਵਿਜੇ ਸਿੰਘ, ਉਰਫ਼ ਰਾਣਾ ਬਲਾਚੌਰੀਆ ਦੀ 15 ਦਸੰਬਰ ਨੂੰ ਮੋਹਾਲੀ ਵਿੱਚ ਹਮਲਾਵਰਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਪੁਲਿਸ ਟੀਮਾਂ ਨੇ ਇਸ ਮਾਮਲੇ ਦੇ ਮਾਸਟਰਮਾਈਂਡ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ, ਜਿਸਦੀ ਪਛਾਣ ਤਰਨਤਾਰਨ ਦੇ ਰਹਿਣ ਵਾਲੇ ਐਸ਼ਦੀਪ ਸਿੰਘ ਵਜੋਂ ਹੋਈ ਹੈ ਅਤੇ ਉਹ ਇਸ



ਸਮੇਂ ਰੂਸ ਵਿੱਚ ਰਹਿ ਰਿਹਾ ਸੀ। ਐਸ਼ਦੀਪ, ਜੋ ਡੋਨੀ ਬਲ ਦੇ ਨਿਰਦੇਸ਼ਾਂ 'ਤੇ ਇਸ ਕਤਲ ਨੂੰ ਅੰਜਾਮ ਦੇਣ ਲਈ 25 ਨਵੰਬਰ ਨੂੰ ਭਾਰਤ ਆਇਆ ਸੀ, ਨੂੰ ਦਿੱਲੀ ਹਵਾਈ ਅੱਡੇ ਤੋਂ ਉਸ ਸਮੇਂ ਗ੍ਰਿਫ਼ਤਾਰ ਕਰ ਲਿਆ ਗਿਆ ਜਦੋਂ ਉਹ ਮਸਕਟ ਭੱਜਣ ਦੀ ਯੋਜਨਾ ਬਣਾ ਰਿਹਾ ਸੀ।
ਐਸ.ਐਸ.ਪੀ. ਨੇ ਕਿਹਾ ਕਿ ਦੋਸ਼ੀ ਐਸ਼ਦੀਪ ਸਿੰਘ ਵੱਲੋਂ ਉਸਦੇ ਸਾਥੀ ਹਰਪਿੰਦਰ ਮਿੱਢੀ, ਜਿਸਨੇ ਗੋਲੀਬਾਰੀ ਕਰਨ ਵਾਲਿਆਂ ਦੀ ਸਹਾਇਤਾ ਕੀਤੀ ਸੀ ਅਤੇ ਜੋ ਉਸਦੇ ਨਾਲ ਫਰਾਰ ਹੋਣ ਦੀ ਫਿਰਾਕ ਵਿੱਚ ਸੀ, ਬਾਰੇ ਦਿੱਤੀ ਗਈ ਜਾਣਕਾਰੀ ਉੱਤੇ ਸਰਗਰਮੀ ਨਾਲ ਕਾਰਵਾਈ ਕਰਦੇ ਹੋਏ, ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀਐਸਪੀ) ਡੇਰਾਬੱਸੀ ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਇੰਸਪੈਕਟਰ ਸੁਮਿਤ ਮੋਰ, ਇੰਸਪੈਕਟਰ ਪ੍ਰਸ਼ਵਿੰਦਰ ਸਿੰਘ ਅਤੇ ਇੰਸਪੈਕਟਰ ਮਲਕੀਅਤ ਸਿੰਘ ਦੀਆਂ ਪੁਲਿਸ ਪਾਰਟੀਆਂ ਨੇ ਲਾਲੜੂ ਵਿਖੇ ਝਰਮਲ ਨਦੀ ਦੇ ਨੇੜੇ ਅੰਬਾਲਾ-ਲਾਲੜੂ ਹਾਈਵੇਅ 'ਤੇ ਉਕਤ ਵੱਲੋਂ ਦੱਸੇ ਟਿਕਾਣੇ 'ਤੇ ਛਾਪੇਮਾਰੀ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਪਾਰਟੀ ਨੂੰ ਦੇਖ ਕੇ, ਸ਼ੱਕੀ ਹਰਪਿੰਦਰ ਮਿੱਢੀ ਨੇ ਪੁਲਿਸ ਪਾਰਟੀ 'ਤੇ ਗੋਲੀਬਾਰੀ ਕੀਤੀ ,ਜਿਸ ਕਾਰਨ ਦੋ ਪੁਲਿਸ ਮੁਲਾਜ਼ਮ ਹੈੱਡ ਕਾਂਸਟੇਬਲ ਗੁਲਾਬ ਸਿੰਘ ਅਤੇ ਕੁਮਾਰ ਸ਼ਰਮਾ ਗੰਭੀਰ ਜ਼ਖ਼ਮੀ ਹੋ ਗਏ। ਸਵੈ-ਰੱਖਿਆ ਵਿੱਚ, ਜਦੋਂ ਪੁਲਿਸ ਪਾਰਟੀ ਨੇ ਜਵਾਬੀ ਗੋਲੀਬਾਰੀ ਕੀਤੀ ਤਾਂ ਸ਼ੱਕੀ ਜ਼ਖ਼ਮੀ ਹੋ ਗਿਆ ਅਤੇ ਉਸਨੂੰ ਸਿਵਲ ਹਸਪਤਾਲ ਡੇਰਾਬੱਸੀ ਲਿਜਾਇਆ ਗਿਆ, ਜਿੱਥੇ ਉਹ ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ।
ਐਸ.ਐਸ.ਪੀ. ਹਰਮਨਦੀਪ ਹੰਸ ਨੇ ਕਿਹਾ ਕਿ ਪੁਲਿਸ ਨੇ ਇਸ ਮਾਮਲੇ ਵਿੱਚ ਸ਼ਮੂਲੀਅਤ ਲਈ ਅੰਮ੍ਰਿਤਸਰ ਦਿਹਾਤੀ ਪੁਲਿਸ ਦੀ ਮਦਦ ਨਾਲ ਇੱਕ ਹੋਰ ਦੋਸ਼ੀ, ਜਿਸਦੀ ਪਛਾਣ ਜੁਗਰਾਜ ਸਿੰਘ ਵਜੋਂ ਹੋਈ ਹੈ, ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ। ਇਸ ਮਾਮਲੇ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਬਾਕੀ ਮੁਲਜ਼ਮਾਂ ਨੂੰ ਕਾਬੂ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਵੱਲੋਂ ਅੱਠ ਸਾਬਕਾ ਕੈਡਿਟਾਂ ਦਾ ਅਚੀਵਰ ਐਵਾਰਡ ਨਾਲ ਸਨਮਾਨ

ਮੋਹਾਲੀ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੇ ਸੁਪਨਿਆਂ ਨੂੰ ਖੰਭ ਲਾਉਣ ਦੀ ਵਚਨਬੱਧਤਾ ਤਹਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮਆਰਐਸਏਐਫਪੀਆਈ), ਐਸਏਐਸ ਨਗਰ ਨੇ ਆਪਣੇ ਸਾਬਕਾ ਕੈਡਿਟਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਂਦਿਆਂ ਹਾਲ ਹੀ ਵਿੱਚ ਕਮਿਸ਼ਨਡ ਅਫ਼ਸਰ ਬਣੇ ਅੱਠ ਕੈਡਿਟਾਂ ਨੂੰ ਵੱਕਾਰੀ ਅਚੀਵਰ ਐਵਾਰਡ ਨਾਲ ਸਨਮਾਨਿਤ ਕੀਤਾ। ਅਚੀਵਰ ਅਵਾਰਡ ਸਮਾਰੋਹ ਦੌਰਾਨ ਇਸ ਵੱਕਾਰੀ ਸੰਸਥਾ ਵੱਲੋਂ 2025 ਵਿੱਚ ਰੱਖਿਆ ਸੇਵਾਵਾਂ 'ਚ ਕਮਿਸ਼ਨ ਹਾਸਲ ਕਰਨ ਵਾਲੇ ਆਪਣੇ ਅੱਠ ਕੈਡਿਟਾਂ ਨੂੰ ਮਾਨਤਾ ਦਿੱਤੀ ਗਈ, ਜਿਨ੍ਹਾਂ ਵਿੱਚੋਂ ਸੱਤ ਕੈਡਿਟਾਂ ਨੇ ਨਵੰਬਰ/ਦਸੰਬਰ 2025 ਵਿੱਚ ਅਤੇ ਇੱਕ ਕੈਡਿਟ ਨੇ ਮਾਰਚ 2025 ਵਿੱਚ ਕਮਿਸ਼ਨ ਹਾਸਲ ਕੀਤਾ ਸੀ। ਇਨ੍ਹਾਂ ਨੌਜਵਾਨ ਅਫਸਰਾਂ ਨੇ ਸਿਖਲਾਈ ਅਧੀਨ ਕੈਡਿਟਾਂ ਨਾਲ ਗੱਲਬਾਤ ਕਰਦਿਆਂ ਪ੍ਰੀ-ਕਮਿਸ਼ਨਿੰਗ ਅਕੈਡਮੀਆਂ ਤੋਂ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਕੈਡਿਟਾਂ ਨੂੰ ਆਪਣੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।
ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਅਚੀਵਰ ਐਵਾਰਡ ਹਾਸਲ ਕਰਨ ਵਾਲੇ ਅੱਠ ਨੌਜਵਾਨ



ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸਫਲਤਾ ਪੰਜਾਬ ਦੇ ਹੋਰ ਨੌਜਵਾਨਾਂ ਨੂੰ ਵੀ ਰੱਖਿਆ ਸੇਵਾਵਾਂ ਵਿੱਚ ਸੇਵਾ ਨਿਭਾਉਣ ਅਤੇ ਆਪਣੇ ਦੇਸ਼ ਅਤੇ ਸੂਬੇ ਦਾ ਨਾਮ ਚਮਕਾਉਣ ਲਈ ਪ੍ਰੇਰਿਤ ਕਰੇਗੀ। ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਡਾਇਰੈਕਟਰ, ਮੇਜਰ ਜਨਰਲ ਅਜੈ ਐਚ. ਚੌਹਾਨ, ਵੀਐਸਐਮ (ਸੇਵਾਮੁਕਤ) ਨੇ ਨੌਜਵਾਨ ਅਧਿਕਾਰੀਆਂ ਨੂੰ ਉਨ੍ਹਾਂ ਦੇ ਕਮਿਸ਼ਨ ਅਫ਼ਸਰ ਲੱਗਣ 'ਤੇ ਵਧਾਈ ਦਿੱਤੀ ਅਤੇ ਉਮੀਦ ਜਤਾਈ ਕਿ ਐਮ.ਆਰ.ਐਸ.ਏਐਫਪੀਆਈ ਵਿਖੇ ਪ੍ਰਾਪਤ ਕੀਤੀ ਸਿਖਲਾਈ ਉਨ੍ਹਾਂ ਨੂੰ ਆਪਣੇ ਕਰੀਅਰ ਵਿੱਚ ਉੱਤਮਤਾ ਹਾਸਲ ਕਰਨ ਲਈ ਇੱਕ ਲਾਂਚ ਪੈਡ ਵਜੋਂ ਕੰਮ ਕਰਦੀ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਵੱਕਰੀ ਸੰਸਥਾ ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਪੰਜਾਬ ਦੇ ਨੌਜਵਾਨਾਂ ਨੂੰ ਰੱਖਿਆ ਸੈਨਾਵਾਂ ਵਿੱਚ ਸ਼ਾਮਲ ਹੋਣ ਲਈ ਢੁਕਵੇਂ ਮੌਕੇ ਪ੍ਰਦਾਨ ਕਰ ਰਹੀ ਹੈ, ਨੂੰ ਪੰਜਾਬ ਸਰਕਾਰ ਵੱਲੋਂ ਪੂਰਾ ਸਮਰਥਨ ਦਿੱਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ 2011 ਵਿੱਚ ਸ਼ੁਰੂ ਹੋਈ ਇਹ ਸੰਸਥਾ ਰੱਖਿਆ ਬਲਾਂ ਲਈ ਪ੍ਰਮੁੱਖ ਫੀਡਰ ਦੀ ਭੂਮਿਕਾ ਨਿਭਾ ਰਹੀ ਹੈ। ਹੁਣ ਤੱਕ ਇਸ ਸੰਸਥਾ ਦੇ 278 ਕੈਡਿਟ ਐਨਡੀਏ ਅਤੇ ਹੋਰ ਅਕੈਡਮੀਆਂ ਲਈ ਚੁਣੇ ਜਾ ਚੁੱਕੇ ਹਨ ਜਿਨ੍ਹਾਂ ਵਿੱਚੋਂ 186 ਨੇ ਕਮਿਸ਼ਨ ਵੀ ਹਾਸਲ ਕਰ ਲਿਆ ਹੈ। ਇਥੇ ਹੀ ਵੀ ਦੱਸਿਆ ਗਿਆ ਕਿ ਇਸ ਸੰਸਥਾ ਦੇ 10 ਹੋਰ ਕੈਡਿਟਾਂ ਨੂੰ ਐਨਡੀਏ/ਹੋਰ ਅਕੈਡਮੀਆਂ ਦੇ ਜੁਆਇਨਿੰਗ ਲੈਟਰ ਪ੍ਰਾਪਤ ਹੋ ਚੁੱਕੇ ਹਨ ਅਤੇ 47 ਕੈਡਿਟ ਆਪਣੇ ਸਰਵਿਸ ਸਿਲੈਕਸ਼ਨ ਬੋਰਡ (ਐਸਐਸਬੀ) ਇੰਟਰਵਿਊ ਲਈ ਤਿਆਰੀ ਕਰ ਰਹੇ ਹਨ।



CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# PACIFIC ATLANTIC
## INSURANCE SERVICES INC.
AGENCY LIC# 6022536



ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ


ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ


ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ


ਕਾਰੋਬਾਰ ਦੀ ਇੰਸ਼ੋਰੈਂਸ


ਕਾਰ ਜਾਂ ਘਰ ਦੀ ਇੰਸ਼ੋਰੈਂਸ



ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ

ਸੰਪਰਕ ਕਰੋ

**Farhan Ali**
CLIENT RELATIONS MANAGER

**Jessie Ghangas**
BROKER AGENT CA LIC# 0171673

**(916)800-9828**

621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com

ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :

WE HAVE THE CHEAPEST FARES TO INDIA

# LEGEND TRAVEL




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

# ਸਕੂਲਾਂ ਵਿੱਚ ਦਰਜਾ ਚਾਰ ਕਰਮਚਾਰੀਆਂ ਦੀ ਘਾਟ ਸਿੱਖਿਆ ਸੁਧਾਰਾਂ ਲਈ ਚੁਣੌਤੀ

ਪੰਜਾਬ ਅੰਦਰ ਸਰਕਾਰੀ ਵਿਭਾਗਾਂ ਵਿੱਚ ਚੌਥਾ ਕਰਮਚਾਰੀਆਂ ਦੀਆਂ ਪੋਸਟਾਂ ਅਕਸਰ ਹੀ ਖਾਲੀ ਪਈਆਂ ਰਹਿੰਦੀਆਂ ਹਨ ਜਿਸ ਨਾਲ ਸਰਕਾਰੀ ਕੰਮਕਾਜ ਦੀ ਰਫਤਾਰ ਮੱਧਮ ਪੈਣੀ ਸੁਭਾਵਕ ਹੈ। ਸਰਕਾਰ ਵਲੋਂ ਅਧੀਨ ਸੇਵਾਵਾਂ ਚੋਣ ਬੋਰਡ , ਪੰਜਾਬ ਰਾਹੀਂ ਵੱਖ-ਵੱਖ ਵਿਭਾਗਾਂ ਵਿੱਚ ਭਰਤੀ ਲਈ ਸੇਵਾਦਾਰ , ਸਵੀਪਰ-ਕਮ-ਚੌਕੀਦਾਰ , ਸਫਾਈ ਸੇਵਕ , ਸਵੀਪਰ-ਕਮ-ਮਾਲੀ ਅਤੇ ਹੋਰ ਆਸਾਮੀਆਂ ਨੂੰ ਭਰਨ ਲਈ ਆਨ ਲਾਈਨ ਅਪਲਾਈ ਕਰਨ ਲਈ 15 ਦਸੰਬਰ 2025 ਤੱਕ ਬਿਨੈ-ਪੱਤਰ ਮੰਗੇ ਹਨ । ਇਨ੍ਹਾਂ ਦੀ ਕੁੱਲ ਗਿਣਤੀ 331 ਹੈ ਜੋ ਕਿ ਬਹੁਤ ਥੋੜੀ ਹੈ । ਜੇ ਸਕੂਲਾਂ ਦੀ ਗੱਲ ਕਰੀਏ ਜੋ ਸਿੱਖਿਆ ਕ੍ਰਾਂਤੀ ਨਾਲ ਜੁੜੇ ਹੋਏ ਹਨ ਤਾਂ ਉਥੇ ਦਰਜਾ ਚਾਰ ਦੀਆਂ ਪੋਸਟਾਂ ਵੱਡੀ ਮਿਕਦਾਰ ਵਿੱਚ ਪਿਛਲੇ ਲੰਬੇ ਸਮੇਂ ਤੋਂ ਖਾਲੀ ਪਈਆਂ ਹਨ ।

ਸਮਾਰਟ ਸਕੂ਼ਲ ਗੇਟ ਅੱਗੇ ਲਿਖਣ ਨਾਲ ਕੋਈ ਫਰਕ ਨਹੀਂ ਪੈਣਾ ਜਿੰਨਾ ਚਿਰ ਸਕੂਲ ਅੰਦਰਲੇ ਸਾਰੇ ਢਾਂਚੇ ਨੂੰ ਸੁਰੱਖਿਅਤ ਅਤੇ ਬਿਹਤਰ ਨਹੀਂ ਬਣਾਇਆ ਜਾਂਦਾ । ਹਰੇਕ ਸਾਲ ਛੁੱਟੀਆਂ ਤੋਂ ਬਾਅਦ ਸਕੂ਼ਲ ਖੁਲ੍ਹਣ ਨਾਲ ਹੀ ਜਿਨ੍ਹਾਂ ਸਕੂਲਾਂ 'ਚ ਦਰਜਾ ਚਾਰ ਕਰਮਚਾਰੀ ਨਹੀਂ, ਉਥੇ ਅਧਿਆਪਕਾਂ ਨੂੰ ਸਾਫ ਸਫਾਈ ਅਤੇ ਹੋਰ ਕੰਮ ਕਰਵਾਉਣੇ ਹੁੰਦੇ ਹਨ ਕਿਉਂ ਕਿ ਘਾਹ ਆਦਿ ਦਾ ਵੱਧ ਜਾਣਾ , ਆਲੇ ਦੁਆਲੇ ਦਰੱਖਤਾਂ ਦੇ ਪਤੇ ਆਦਿ , ਮੀਂਹਾਂ ,ਹਨੇਰ੍ਹੀਆਂ ਨਾਲ ਸਕੂਲ ਦੇ ਅਹਾਤੇ ਦਾ ਗੰਦਾ ਹੋ ਜਾਣਾ , ਇਹ ਸਾਰੇ ਕੰਮਾਂ ਦੇ ਨਿਪਟਾਰੇ ਕਿਸ ਤਰ੍ਹਾਂ ਹੋਣੇ ਹਨ ਇਹ ਜਰੂਰ ਅਧਿਆਪਕਾਂ ਲਈ ਸਿਰਦਰਦੀ ਦਾ ਕਾਰਨ ਬਣ ਸਕਦਾ ਹੈ। ਇਨ੍ਹਾਂ ਦਰਜਾ ਚਾਰ ਦੀਆਂ ਖਾਲੀ ਪੋਸਟਾਂ ਤੇ ਕਈ ਦਹਾਕਿਆਂ ਤੋਂ ਕਦੇ ਨਵੀਂ ਨਿਯੁਕਤੀ ਨਹੀਂ ਕੀਤੀ ਗਈ ਸਿਰਫ ਦਰਜਾ ਚਾਰ ਕਰਮਚਾਰੀਆਂ ਦੀ ਸਰਵਿਸ ਦੌਰਾਨ ਮੌਤ ਹੋਣ ਤੇ ਪਰਿਵਾਰਕ ਮੈਂਬਰਾਂ ਦੀਆਂ ਤਰਸ ਦੇ ਆਧਾਰ ਤੇ ਹੀ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ,ਜਿਨ੍ਹਾਂ 'ਚੋਂ ਕਈ ਵੱਧ ਯੋਗਤਾ ਕਾਰਨ ਹੋਰ ਆਸਾਮੀ ਤੇ ਨਿਯੁਕਤ ਹੋ ਜਾਂਦੇ ਹਨ। ਇਸ ਤਰ੍ਹਾਂ ਇਨ੍ਹਾਂ ਕੇਸਾਂ 'ਚ ਵੀ ਆਸਾਮੀ ਬਰਕਰਾਰ ਰਹਿਣ ਦੀ ਸੰਭਾਵਨਾ ਘੱਟ ਹੁੰਦੀ ਹੈ।

ਹੁਣ ਤੱਕ ਸਕੂਲਾਂ 'ਚ ਦਰਜਾ ਚਾਰ ਕਰਮਚਾਰੀਆਂ ਦੀਆਂ ਡਿਊਟੀਆਂ ਨੂੰ ਸਿੱਖਿਆ ਵਿਭਾਗ ਅੱਖੋਂ ਪਰੋਖੇ ਕਿਉਂ ਕਰਦਾ ਆ ਰਿਹਾ ਹੈ ਜਦੋਂ ਕਿ ਮਹਿਕਮੇ 'ਚ ਸਿੱਖਿਆ ਸੁਧਾਰਾਂ ਦੇ ਨਾਂ ਤੇ ਬਹੁਤ ਕੁਝ ਨਵਾਂ ਕੀਤਾ ਜਾ ਰਿਹਾ ਹੈ। ਹੁਣ ਨਵੀਂ ਸਰਕਾਰ ਦਾ ਮੁੱਖ ਫੋਕਸ ਸਿੱਖਿਆ ਅਤੇ ਸਿਹਤ ਉੱਪਰ ਹੈ ਜਿਵੇਂ ਕਿ ਨਵੀਂ ਦਿੱਲੀ ਵਿੱਚ ਆਪ ਸਰਕਾਰ ਵਲੋਂ ਇਹ ਮੁੱਦਿਆਂ ਨੂੰ ਉਭਾਰਿਆ ਗਿਆ ਸੀ , ਆਸ ਸੀ ਨਵੀਂ ਤਬਦੀਲੀ ਜਰੂਰ ਜਲਦੀ ਸਾਹਮਣੇ ਆਵੇਗੀ ਪਰ ਅਜੇ ਤੱਕ ਤਾਂ ਇਸ ਸਬੰਧੀ ਇਸ ਸਰਕਾਰ ਦਾ ਕੋਈ ਠੋਸ ਕਦਮ ਭਰਤੀ ਸਬੰਧੀ ਚੁੱਕਿਆ ਸਾਹਮਣੇ ਨਹੀਂ ਆਇਆ ।

ਪੰਜਾਬ ਦੇ ਸਕੂਲਾਂ ਅੰਦਰ ਲੰਬੇ ਸਮੇਂ ਤੋਂ ਦਰਜਾ-ਚਾਰ ਕਰਮਚਾਰੀਆਂ ਦੀਆਂ ਪੋਸਟਾਂ ਨਾ ਭਰਨ ਕਾਰਨ ਅਧਿਆਪਕਾਂ ਨੂੰ ਆਪ ਹੀ ਕਈ ਸਕੂ਼ਲਾਂ 'ਚ ਤਾਂ ਸਾਰਾ ਕੁਝ ਹੀ ਕਰਨਾ ਪੈਂਦਾ ਹੈ। ਬਹੁਤੇ ਸਕੂਲਾਂ 'ਚ ਸਕੂਲ ਮੁੱਖੀਆਂ ਵਲੋਂ ਕਿਵੇਂ ਨਾ ਕਿਵੇਂ ਸਟਾਫ , ਮਨੇਜਮੈਂਟ ਕਮੇਟੀ ਜਾਂ ਪਿੰਡ ਦੀ ਪੰਚਾਇਤ ਦੇ ਸਹਿਯੋਗ ਨਾਲ ਪੈਸੇ ਦਾ ਪ੍ਰਬੰਧ ਕਰਕੇ ਆਰਜ਼ੀ ਤੌਰ ਤੇ ਦਰਜਾ ਚਾਰ ਦੇ ਕੰਮ ਲਈ ਬੰਦਾ ਰੱਖ ਲਿਆ ਜਾਂਦਾ ਹੈ,ਉਹ ਕਈ ਤਰ੍ਹਾਂ ਦੀਆਂ ਡਿਊਟੀਆਂ,ਜਿਵੇਂ ਮਾਲੀ ਦਾ ਕੰਮ , ਘੰਟੀ ਵਜਾਉਣਾ ,ਦਫਤਰੀ ਕੰਮ ਕਰਨੇ , ਚੌਕੀਦਾਰੀ ਕਰਨੀ ਆਦਿ ਕੰਮ ਉਸ ਤੋਂ ਲਏ ਜਾਂਦੇ ਹਨ। ਉਸ ਦੀ ਤਨਖਾਹ ਬਾਰੇ ਅੰਦਾਜ਼ਾ ਤੁਸੀਂ ਆਪ ਹੀ ਲਗਾ ਸਕਦੇ ਹੋ ਕਿ ਕਿੰਨੀ ਕੁ ਹੋਵੇਗੀ। ਇਹ ਕੋਈ ਜਿਆਦਾ ਨਹੀਂ ਹੁੰਦੀ ਜੋ ਉਸ ਦੇ ਘਰ ਦੇ ਖਰਚਿਆਂ ਲਈ ਕਾਫੀ ਹੋਵੇਗੀ। ਇਸ ਲਈ ਉਸ ਨੂੰ ਹੋਰ ਕੰਮ ਵੀ ਕਰਨੇ ਪੈ ਸਕਦੇ ਹਨ,ਉਸ ਦਾ ਦਿਮਾਗ ਭਟਕਨਾ 'ਚ ਜਰੂਰ ਰਹੇਗਾ। ਇਨ੍ਹਾਂ ਬੰਦਿਆਂ ਦੀ ਜ਼ਿੰਮੇਵਾਰੀ ਕਿੰਨੀ ਕੁ ਨਿਸਚਤ ਕੀਤੀ ਜਾ ਸਕਦੀ ਹੈ,ਇਹ ਵੀ ਸਵਾਲੀਆ ਚਿੰਨ੍ਹ ਹੀ ਹੈ। ਸਕੂਲਾਂ 'ਚ ਚੋਰੀ ਦੀਆਂ ਘਟਨਾਵਾਂ ਵਾਪਰਦੀਆਂ ਰਹਿੰਦੀਆਂ ਹਨ ਇਨ੍ਹਾਂ ਨੂੰ ਰੋਕਣ ਲਈ ਰੈਗੂਲਰ ਚੌਕੀਦਾਰ ਦਾ ਹੋਣਾ ਜਰੂਰੀ ਹੈ।

ਸਮਾਰਟ ਸਕੂਲਾਂ ਦੀ ਗੱਲ ਕਰੀਏ ਤਾਂ ਉਨ੍ਹਾਂ ਦੀ ਮੇਨਟੀਨੇਂਸ ਰੱਖਣ ਲਈ ਦਰਜਾ-ਚਾਰ ਕਰਮਚਾਰੀਆਂ ਦਾ ਹੋਣਾ ਬਹੁਤ ਜਰੂਰੀ ਹੈ ਪਰ ਬਹੁਤ ਘੱਟ ਸਕੂਲਾਂ 'ਚ ਚੌਕੀਦਾਰ, ਮਾਲੀ , ਚਪੜਾਸੀ ਆਦਿ ਪੂਰੇ ਤਾਂ ਸਾਇਦ ਨਾ ਹੀ ਮਿਲਣ , ਟਾਵੀਂ ਟਾਵੀਂ ਪੋਸਟ ਭਾਵੇਂ ਭਰੀ ਮਿਲ ਜਾਵੇ। ਸਕੂਲ ਮੁੱਖੀ ਸਾਰੇ ਸਕੂਲ ਦੀ ਸਾਂਭ ਸੰਭਾਲ , ਬਿਨ੍ਹਾਂ ਚੌਥਾ ਦਰਜਾ ਕਰਮਚਾਰੀਆਂ ਦੇ , ਕਰਕੇ ਸਮਾਰਟ ਸਕੂਲ ਦੇ ਠੱਪੇ ਨੂੰ ਕਿਵੇਂ , ਕਿੰਨਾ ਕੁ ਚਿਰ ਬਰਕਰਾਰ ਰੱਖ ਸਕੇਗਾ ? ਇਹ ਅੰਦਾਜ਼ਾ ਤੁਸੀਂ ਆਪ ਹੀ ਲਾ ਸਕਦੇ ਹੋ। ਪਿਛਲੀ ਸਰਕਾਰ ਸਮੇਂ ਸਕੂਲਾਂ ਦੀ ਬਾਹਰਲੀ ਪੋਚਾ ਪੋਚੀ ਕਰਕੇ ਬਣਾਏ ਬਹੁਤੇ ਸਕੂਲਾਂ ਦੀ ਅੰਦਰਲੀ ਸਥਿਤੀ ਮਾੜੀ ਹੋਣ ਦੇ ਆਮ ਆਦਮੀ ਪਾਰਟੀ ਨੇ ਦੋਸ਼ ਲਗਾਏ ਸਨ ਜਦੋਂ ਕਿ ਕਾਗਜ਼ੀ ਅੰਕੜਿਆਂ ਮੁਤਾਬਕ ਉਸ ਸਮੇਂ ਦੀ ਪੰਜਾਬ ਸਰਕਾਰ ਨੇ ਰਾਜ ਵਲੋਂ ਵਧੀਆ ਸਿੱਖਿਆ ਦੇਣ ਲਈ ਪ੍ਰਧਾਨ ਮੰਤਰੀ ਪਾਸੋਂ ਅਵਾਰਡ ਪ੍ਰਾਪਤ ਕੀਤਾ ਸੀ,ਇਸ ਦਾ ਅਧਿਆਪਕ ਜਥੇਬੰਦੀਆਂ ਵਲੋਂ ਵੀ ਫਰਜ਼ੀ ਅੰਕੜਿਆਂ ਕਰਕੇ ਨਿੰਦਾ ਕੀਤੀ ਗਈ ਸੀ। ਹੁਣ ਪੰਜਾਬ 'ਚ 'ਆਪ' ਦੀ ਸਰਕਾਰ ਲਈ ਉਹੀ ਮੁੱਦੇ ਸਾਹਮਣੇ ਖੜ੍ਹੇ ਹਨ । ਸਕੂਲਾਂ 'ਚ ਹੋ ਰਹੀਆਂ ਸਾਰੀਆਂ ਐਕਟੀਵਿਟੀਜ਼ ਨੂੰ ਮੁੜ ਵਿਚਾਰ ਕੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਦੀ ਪਹਿਲਕਦਮੀ ਦੀ ਸ਼ੁਰੂਆਤ ਕਰਨੀ ਚਾਹੀਦੀ ਹੈ ।

ਜਿਵੇਂ ਇਸ ਸਰਕਾਰ ਨੇ ਸਿਹਤ ਅਤੇ ਸਿੱਖਿਆ ਦੇ ਸੁਧਾਰ ਨੂੰ ਪਹਿਲ ਦੇ ਆਧਾਰ ਤੇ ਵੱਡੇ ਸੁਧਾਰ ਕਰਕੇ ਭਾਰਤ 'ਚ ਨਮੂਨੇ ਦਾ ਰਾਜ ਬਣਾਉਣ ਦਾ ਅਹਿਦ ਲਿਆ ਹੈ । ਅਧਿਆਪਕਾਂ ਨੂੰ ਬਾਹਰਲੇ ਦੇਸ਼ਾਂ ਦੇ ਦੌਰੇ ਕਰਾਉਣ ਨਾਲ ਕੁਝ ਨਹੀਂ ਸੰਵਰੇਗਾ ਜੇ ਕਰ ਸਰਕਾਰ ਸਕੂਲਾਂ ਵਿੱਚ ਖਾਲੀ ਆਸਾਮੀਆਂ ਭਰਨ ਲਈ ਪਹਿਲ ਕਦਮੀ ਨਹੀਂ ਕਰਦੀ । ਸੋ ਸਾਰੇ ਸਕੂਲਾਂ ਦੀ ਸਾਂਭ ਸੰਭਾਲ ਅਤੇ ਠੀਕ ਢੰਗ ਨਾਲ ਸਕੂਲ ਚਲਾਉਣ ਲਈ ਚੌਥਾ-ਦਰਜਾ ਕਰਮਚਾਰੀਆਂ , ਸਕੂਲ ਮੁੱਖੀਆਂ ਅਤੇ ਅਧਿਆਪਕਾਂ ਦੀਆਂ ਹਜ਼ਾਰਾਂ ਖਾਲੀ ਪਈਆਂ ਪੋਸਟਾਂ ਤੁਰੰਤ ਭਰ ਕੇ ਸਿੱਖਿਆ ਦਾ ਮਿਆਰ ਉੱਚਾ ਚੁੱਕ ਕੇ ਨਵਾਂ ਬਦਲਾਅ ਲੋਕਾਂ ਸਾਹਮਣੇ ਪੇਸ਼ ਕਰੇ ਤਾਂ ਹੀ ਸਕੂਲਾਂ ਤੇ ਲੱਖਾਂ ਰੁਪਏ ਦੀਆਂ ਲਗਾਈਆਂ ਗ੍ਰਾਂਟਾਂ ਦੀ ਕੀਤੀ ਵਰਤੋਂ ਨਾਲ ਕੀਤੇ ਕੰਮਾਂ ਨੂੰ ਠੀਕ ਢੰਗ ਨਾਲ ਬਰਕਰਾਰ ਰੱਖਿਆ ਜਾ ਸਕੇਗਾ ਅਤੇ ਅਧਿਆਪਕਾਂ ਦਾ ਮਨ ਵੀ ਇਕਾਗਰਚਿੱਤ ਹੋ ਕੇ ਬੱਚਿਆਂ ਨੂੰ ਪੜ੍ਹਾਉਣ ਲਈ ਬੇਹਤਰ ਯਤਨ ਕਰੇਗਾ । ਸਰਕਾਰ ਦਾ ਸਮਾਂ ਹੁਣ ਸਾਲ ਵਾਂਗ ਹੀ ਹੈ ਸੋ ਸਕੂਲਾਂ ਦੇ ਸੁਧਾਰ ਲਈ ਭਰਤੀ ਦੇ ਕੰਮ ਨੂੰ ਪਹਿਲ ਦੇ ਆਧਾਰ ਤੇ ਤੁਰੰਤ ਆਰੰਭਣਾ ਚਾਹੀਦਾ ਹੈ ਤਾਂ ਹੀ ਸਰਕਾਰ ਦਾ ਵਾਅਦਾ ਪੂਰਾ ਹੋਵੇਗਾ।

**ਮੇਜਰ ਸਿੰਘ ਨਾਭਾ**
ਮੋ.9463553962






# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- ✓ DPF Filter Cleaning
- ✓ Clutch
- ✓ Transmission
- ✓ New/Used Tires
- ✓ Oil Changes
- ✓ Wheel Balancing
- ✓ Truck & Trailer Repair
- ✓ All Major & Minor Repairs
- ✓ We Do Aluminum Welding
- ✓ Computer Check
- ✓ Differential
- ✓ Inspections
- ✓ Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA · MasterCard · AMERICAN EXPRESS · DISCOVER NETWORK





**1003 Moffat Blvd, Manteca CA 95336**

# 209-239-1551

# TRUCK STOP

Chevron

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

# "ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?


FARMERS INSURANCE

## ਨਵਨੀਤ ਕੌਰ
## INSURANCE AGENCY

------------- "ਤੁਹਾਡਾ ਸੁਆਗਤ ਹੈ" -------------

"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਹਾਂ, ਜਿਵੇਂ :

ਆਟੋ





ਹੋਮ



ਲਾਈਫ



ਵਪਾਰਕ ਇੰਸ਼ੋਰੈਂਸ



"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਹਾਂ!"

Get a free Quote



KANWALJIT SINGH
(Insurance Agent)

"ਸਾਡੇ ਨਾਲ ਸੰਪਰਕ ਕਰੋ :



ਫ਼ੋਨ ਨੰਬਰ: (209) 672-4539

ਪਤਾ :- 17416 Murphy Pkwy, Lathrop, CA 95330

ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# ਰਾਮਾਨੂਜਨ: ਉਹ ਆਦਮੀ ਜੋ ਅਨੰਤਤਾ ਨੂੰ ਜਾਣਦਾ ਸੀ

ਸ਼੍ਰੀਨੀਵਾਸ ਰਮਾਨੁਜਨ ਸਿਰਫ਼ ਇੱਕ ਗਣਿਤ-ਸ਼ਾਸਤਰੀ ਨਹੀਂ ਸੀ; ਉਹ ਇੱਕ ਵਰਤਾਰਾ ਸੀ। ਬਸਤੀਵਾਦੀ ਭਾਰਤ ਵਿੱਚ ਇੱਕ ਮਾਮੂਲੀ ਪਰਿਵਾਰ ਵਿੱਚ ਪੈਦਾ ਹੋਏ, ਬਹੁਤ ਘੱਟ ਰਸਮੀ ਸਿਖਲਾਈ ਦੇ ਨਾਲ ਅਤੇ ਉੱਨਤ ਗਣਿਤ ਸਾਹਿਤ ਤੱਕ ਲਗਭਗ ਕੋਈ ਪਹੁੰਚ ਨਹੀਂ ਸੀ, ਰਾਮਾਨੁਜਨ ਨੇ ਇੰਨੇ ਅਸਲੀ ਅਤੇ ਡੂੰਘੇ ਵਿਚਾਰ ਤਿਆਰ ਕੀਤੇ ਕਿ ਉਹ ਇੱਕ ਸਦੀ ਤੋਂ ਵੱਧ ਸਮੇਂ ਬਾਅਦ ਵੀ ਗਣਿਤ ਨੂੰ ਪ੍ਰਭਾਵਿਤ ਕਰਦੇ ਰਹਿੰਦੇ ਹਨ। ਉਸਦੀ ਜੀਵਨ ਕਹਾਣੀ-ਪ੍ਰਤਿਭਾ, ਸੰਘਰਸ਼ ਅਤੇ ਅਧੂਰੇ ਵਾਅਦੇ ਦੀ ਨੇ ਉਸਨੂੰ ਸਥਾਈ ਸਿਰਲੇਖ ਪ੍ਰਾਪਤ ਕੀਤਾ ਹੈ ਉਹ ਆਦਮੀ ਜੋ ਅਨੰਤਤਾ ਨੂੰ ਜਾਣਦਾ ਸੀ

**ਸ਼ੁਰੂਆਤੀ ਜੀਵਨ: ਮੁਸ਼ਕਲਾਂ ਦੇ ਵਿਚਕਾਰ ਪ੍ਰਤਿਭਾ**

ਸ਼੍ਰੀਨੀਵਾਸ ਰਾਮਾਨੁਜਨ ਦਾ ਜਨਮ 22 ਦਸੰਬਰ, 1887 ਨੂੰ ਈਰੋਡ, ਤਮਿਲਨਾਡੂ ਵਿੱਚ ਹੋਇਆ ਸੀ ਅਤੇ ਉਹ ਕੁੰਬਾਕੋਨਮ ਵਿੱਚ ਵੱਡਾ ਹੋਇਆ ਸੀ। ਛੋਟੀ ਉਮਰ ਤੋਂ ਹੀ, ਉਸਨੇ ਸੰਖਿਆਵਾਂ ਲਈ ਇੱਕ ਅਸਾਧਾਰਨ ਯੋਗਤਾ ਦਿਖਾਈ। ਜਦੋਂ ਕਿ ਦੂਜੇ ਬੱਚਿਆਂ ਨੇ ਟੇਬਲ ਯਾਦ ਕੀਤੇ, ਰਮਾਨੁਜਨ ਨੇ ਅਨੰਤ ਲੜੀ, ਅੰਸ਼ਾਂ ਅਤੇ ਸੰਖਿਆਤਮਕ ਪੈਟਰਨਾਂ ਦੀ ਸਹਿਜਤਾ ਨਾਲ ਖੋਜ ਕੀਤੀ।

ਹਾਲਾਂਕਿ, ਉਸਦੀ ਚਮਕ ਮੁਸ਼ਕਲਾਂ ਦੇ ਨਾਲ ਆਈ। ਰਾਮਾਨੁਜਨ ਨੇ ਪਰੰਪਰਾਗਤ ਸਿੱਖਿਆ ਵਿੱਚ ਸੰਘਰਸ਼ ਕੀਤਾ ਕਿਉਂਕਿ ਉਸਨੇ ਲਗਭਗ ਵਿਸ਼ੇਸ਼ ਤੌਰ 'ਤੇ ਗਣਿਤ 'ਤੇ ਧਿਆਨ ਕੇਂਦਰਿਤ ਕੀਤਾ, ਹੋਰ ਵਿਸ਼ਿਆਂ ਨੂੰ ਨਜ਼ਰਅੰਦਾਜ਼ ਕੀਤਾ। ਨਤੀਜੇ ਵਜੋਂ, ਉਹ ਕਾਲਜ ਦੀਆਂ ਪ੍ਰੀਖਿਆਵਾਂ ਵਿੱਚ ਫੇਲ੍ਹ ਹੋ ਗਿਆ ਅਤੇ ਸਕਾਲਰਸ਼ਿਪ ਗੁਆ ਦਿੱਤੀ। ਗਰੀਬੀ ਨੇ ਉਸਦੀ ਜਵਾਨੀ ਨੂੰ ਪਰਛਾਵਾਂ ਕੀਤਾ, ਉਸਨੂੰ ਬਚਾਅ ਲਈ ਦੋਸਤਾਂ ਅਤੇ ਸ਼ੁਭਚਿੰਤਕਾਂ 'ਤੇ ਭਰੋਸਾ ਕਰਨ ਲਈ ਮਜਬੂਰ ਕਰ ਦਿੱਤਾ ਜਦੋਂ ਕਿ ਉਸਨੇ ਹਜ਼ਾਰਾਂ ਅਸਲੀ ਗਣਿਤ ਦੇ ਨਤੀਜਿਆਂ ਨਾਲ ਨੋਟਬੁੱਕ ਭਰੀਆਂ।

**ਸਵੈ-ਸਿੱਖਿਅਤ ਅਤੇ ਸਵੈ-ਸੰਚਾਲਿਤ**

ਰਾਮਨੂਜਨ ਦੀ ਗਣਿਤਿਕ ਦੁਨੀਆ ਵੱਡੇ ਪੱਧਰ 'ਤੇ ਸਵੈ-ਨਿਰਮਿਤ ਸੀ। ਉਸ ਨੇ ਪੜ੍ਹੀਆਂ ਕੁਝ ਕਿਤਾਬਾਂ ਵਿੱਚੋਂ ਇੱਕ ਸੀ ਜੀ.ਐਸ. ਸ਼ੁੱਧ ਅਤੇ ਲਾਗੂ ਗਣਿਤ ਵਿੱਚ ਐਲੀਮੈਂਟਰੀ ਨਤੀਜਿਆਂ ਦਾ ਸੰਖੇਪ ਫਾਰਮੂਲੇ ਦੇ ਇਸ ਪਿੰਜਰ ਸੰਕਲਨ ਤੋਂ, ਰਾਮਾਨੁਜਨ ਨੇ ਡੂੰਘੀਆਂ ਸੂਝਾਂ ਬਣਾਈਆਂ ਅਕਸਰ ਬਿਨਾਂ ਸਬੂਤ ਦੇ ਨਤੀਜੇ ਪ੍ਰਾਪਤ ਕਰਨ ਲਈ ਜਿਨ੍ਹਾਂ ਦੀ ਪੁਸ਼ਟੀ ਕਰਨ ਵਿੱਚ ਸਿਖਲਾਈ ਪ੍ਰਾਪਤ ਗਣਿਤ ਵਿਗਿਆਨੀਆਂ ਨੂੰ ਕਈ ਸਾਲ ਲੱਗ ਗਏ।

ਉਸਦਾ ਮੰਨਣਾ ਸੀ ਕਿ ਉਸਦੇ ਬਹੁਤ ਸਾਰੇ ਵਿਚਾਰ ਉਸਨੂੰ ਅਨੁਭਵੀ ਤੌਰ 'ਤੇ ਆਏ ਸਨ, ਕਈ ਵਾਰ ਉਹਨਾਂ ਨੂੰ ਦੇਵੀ ਨਾਮਾਗਿਰੀ ਤੋਂ ਬ੍ਰਹਮ ਪ੍ਰੇਰਨਾ ਦਾ ਕਾਰਨ ਠਹਿਰਾਇਆ ਜਾਂਦਾ ਹੈ, ਜਿਸਦੀ ਉਹ ਪੂਜਾ ਕਰਦਾ ਸੀ। ਭਾਵੇਂ ਰਹੱਸਮਈ ਹੋਵੇ ਜਾਂ ਮਾਨਸਿਕ, ਉਸਦੀ ਸੂਝ ਹੈਰਾਨੀਜਨਕ ਤੌਰ 'ਤੇ ਸਹੀ ਸਾਬਤ ਹੋਈ।

**ਉਹ ਪੱਤਰ ਜਿਸਨੇ ਸਭ ਕੁਝ ਬਦਲ ਦਿੱਤਾ**

1913 ਵਿੱਚ, ਰਾਮਾਨੁਜਨ ਨੇ ਜੀ.ਐਚ. ਨੂੰ ਇੱਕ ਹੁਣ-ਕਹਾਤਕ ਪੱਤਰ ਲਿਖਿਆ। ਹਾਰਡੀ, ਕੈਮਬ੍ਰਿਜ ਯੂਨੀਵਰਸਿਟੀ ਵਿੱਚ ਇੱਕ ਪ੍ਰਮੁੱਖ ਗਣਿਤ ਵਿਗਿਆਨੀ। ਚਿੱਠੀ ਵਿੱਚ ਸੌ ਤੋਂ ਵੱਧ ਸਿਧਾਂਤ ਸਨ, ਬਹੁਤ ਸਾਰੇ ਬਿਲਕੁਲ ਨਵੇਂ।

ਹਾਰਡੀ ਨੇ ਤੁਰੰਤ ਰਾਮਨੂਜਨ ਦੇ ਪ੍ਰਤਿਭਾ ਨੂੰ ਪਛਾਣ ਲਿਆ, ਮਸ਼ਹੂਰ ਤੌਰ 'ਤੇ ਕਿਹਾ ਕਿ ਉਸਦੀ ਆਮ ਗਣਿਤ-ਵਿਗਿਆਨੀਆਂ ਨਾਲ ਤੁਲਨਾ ਕਰਨਾ ਇੱਕ ਤਾਰੇ ਦੀ ਮੋਮਬੱਤੀ ਨਾਲ ਤੁਲਨਾ ਕਰਨ ਵਰਗਾ ਸੀ। ਹਾਰਡੀ ਦੇ ਸਮਰਥਨ ਨਾਲ, ਰਮਾਨੁਜਨ ਨੇ 1914 ਵਿੱਚ ਇੰਗਲੈਂਡ ਦੀ ਯਾਤਰਾ ਕੀਤੀ, ਜੋ ਉਸਦੀ ਜ਼ਿੰਦਗੀ ਦਾ ਇੱਕ ਮੋੜ ਸੀ।

**ਕੈਮਬ੍ਰਿਜ ਸਾਲ: ਮਾਨਤਾ ਅਤੇ ਸੰਘਰਸ਼**

ਕੈਮਬ੍ਰਿਜ ਵਿਖੇ, ਰਾਮਾਨੁਜਨ ਨੇ ਹਾਰਡੀ ਨਾਲ ਸਹਿਯੋਗ ਕੀਤਾ ਅਤੇ ਇਸ ਵਿੱਚ ਮਹੱਤਵਪੂਰਨ ਕੰਮ ਤਿਆਰ ਕੀਤਾ:

ਨੰਬਰ ਥਿਊਰੀ
ਬੇਅੰਤ ਲੜੀ
ਨਿਰੰਤਰ ਅੰਸ਼
ਮਾਡਯੂਲਰ ਫਾਰਮ
ਸੰਖਿਆਵਾਂ ਦੇ ਭਾਗ

ਅਕਾਦਮਿਕ ਸਫਲਤਾ ਦੇ ਬਾਵਜੂਦ, ਇੰਗਲੈਂਡ ਵਿੱਚ ਜੀਵਨ ਮੁਸ਼ਕਲ ਸੀ। ਰਮਾਨੂਜਨ ਨੇ ਠੰਡੇ ਮਾਹੌਲ, ਅਣਜਾਣ ਭੋਜਨ, ਨਸਲਵਾਦ ਅਤੇ ਅਲੱਗ-ਥਲੱਗਤਾ ਨਾਲ ਸੰਘਰਸ਼ ਕੀਤਾ। ਪਹਿਲੇ ਵਿਸ਼ਵ ਯੁੱਧ ਦੌਰਾਨ ਉਸਦੀ ਸਿਹਤ ਵਿਗੜ ਗਈ, ਅਤੇ ਉਹ ਗੰਭੀਰ ਬਿਮਾਰੀ ਤੋਂ ਪੀੜਤ ਸੀ, ਸੰਭਾਵਤ ਤੌਰ 'ਤੇ ਕੁਪੋਸ਼ਣ ਅਤੇ ਤਣਾਅ ਕਾਰਨ ਵਿਗੜ ਗਿਆ।

ਫਿਰ ਵੀ ਬਿਮਾਰੀ ਦੇ ਦੌਰਾਨ, ਉਸਦੀ ਰਚਨਾਤਮਕਤਾ ਫਿੱਕੀ ਨਹੀਂ ਪਈ। ਇੱਕ ਮਸ਼ਹੂਰ ਐਪੀਸੋਡ ਵਿੱਚ 1729 ਨੰਬਰ ਸ਼ਾਮਲ ਹੁੰਦਾ ਹੈ, ਜਿਸ ਨੂੰ ਰਾਮਾਨੂਜਨ ਨੇ ਦੋ ਵੱਖ-ਵੱਖ ਤਰੀਕਿਆਂ ਨਾਲ ਦੋ ਘਣ ਦੇ ਜੋੜ ਵਜੋਂ ਪ੍ਰਗਟ ਕਰਨ ਯੋਗ ਸਭ ਤੋਂ ਛੋਟੀ ਸੰਖਿਆ ਵਜੋਂ ਪਛਾਣਿਆ ਸੀ ਜੋ ਹੁਣ ਹਾਰਡੀਕ ਰਮਨੂਜਨ ਨੰਬਰ ਵਜੋਂ ਜਾਣਿਆ ਜਾਂਦਾ ਹੈ।

**ਭਾਰਤ ਵਾਪਸ ਜਾਓ ਅਤੇ ਜਲਦੀ ਮੌਤ**

ਰਮਾਨੁਜਨ 1919 ਵਿੱਚ ਗੰਭੀਰ ਰੂਪ ਵਿੱਚ ਬਿਮਾਰ ਹੋ ਕੇ ਭਾਰਤ ਵਾਪਸ ਪਰਤਿਆ। ਸਿਰਫ਼ ਇੱਕ ਸਾਲ ਬਾਅਦ, 26 ਅਪ੍ਰੈਲ, 1920 ਨੂੰ, ਉਨ੍ਹਾਂ ਦਾ 32 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ।

ਆਪਣੀ ਛੋਟੀ ਉਮਰ ਵਿੱਚ, ਉਸਨੇ ਲਗਭਗ 4,000 ਗਣਿਤ ਦੇ ਨਤੀਜੇ ਤਿਆਰ ਕੀਤੇ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਆਪਣੇ ਸਮੇਂ ਤੋਂ ਦਹਾਕਿਆਂ ਅੱਗੇ ਸਨ। ਅੱਜ ਵੀ, ਗਣਿਤ-ਸ਼ਾਸਤਰੀ ਉਸਦੇ ਕੰਮ ਦੀ ਡੂੰਘਾਈ ਨੂੰ ਉਜਾਗਰ ਕਰਨਾ ਜਾਰੀ ਰੱਖਦੇ ਹਨ, ਖਾਸ ਤੌਰ 'ਤੇ ਉਸਦੀਆਂ ਅਣਪ੍ਰਕਾਸ਼ਿਤ ਨੋਟਬੁੱਕਾਂ ਤੋਂ।

**ਸਥਾਈ ਵਿਰਾਸਤ**

ਰਾਮਨੂਜਨ ਦੇ ਵਿਚਾਰ ਹੁਣ ਆਧੁਨਿਕ ਗਣਿਤ ਅਤੇ ਭੌਤਿਕ ਵਿਗਿਆਨ ਲਈ ਕੇਂਦਰੀ ਹਨ। ਉਸ ਦੇ ਕੰਮ ਵਿੱਚ ਐਪਲੀਕੇਸ਼ਨ ਹਨ:

ਕ੍ਰਿਪਟੋਗ੍ਰਾਫੀ
ਕੰਪਿਊਟਰ ਵਿਗਿਆਨ
ਬਲੈਕ ਹੋਲ ਭੌਤਿਕ ਵਿਗਿਆਨ
ਸਟ੍ਰਿੰਗ ਥਿਊਰੀ

ਭਾਰਤ ਵਿੱਚ, 22 ਦਸੰਬਰ ਨੂੰ ਉਨ੍ਹਾਂ ਦੇ ਸਨਮਾਨ ਵਿੱਚ ਰਾਸ਼ਟਰੀ ਗਣਿਤ ਦਿਵਸ ਵਜੋਂ ਮਨਾਇਆ ਜਾਂਦਾ ਹੈ।

ਉਸਦੀ ਜ਼ਿੰਦਗੀ ਨੇ ਰੌਬਰਟ ਕੈਨੀਗੇਲ ਦੁਆਰਾ ਪ੍ਰਸ਼ੰਸਾਯੋਗ ਕਿਤਾਬ "ਦ ਮੈਨ ਹੂ ਨਿਊ ਇਨਫਿਨਿਟੀ" ਅਤੇ ਬਾਅਦ ਵਿੱਚ ਇੱਕ ਫਿਲਮ ਰੂਪਾਂਤਰਣ ਲਈ ਪ੍ਰੇਰਿਤ ਕੀਤਾ, ਜਿਸ ਨਾਲ ਉਸਦੀ ਸ਼ਾਨਦਾਰ ਕਹਾਣੀ ਵਿਸ਼ਵਵਿਆਪੀ ਦਰਸ਼ਕਾਂ ਤੱਕ ਪਹੁੰਚੀ।

**ਸਿੱਟਾ**

ਸ਼੍ਰੀਨੀਵਾਸ ਰਾਮਨੂਜਨ ਦੀ ਜ਼ਿੰਦਗੀ ਸਾਨੂੰ ਯਾਦ ਦਿਵਾਉਂਦੀ ਹੈ ਕਿ ਪ੍ਰਤਿਭਾ ਕਿਤੇ ਵੀ ਉੱਭਰ ਸਕਦੀ ਹੈ ਵਿਸ਼ੇਸ਼ ਅਧਿਕਾਰਾਂ ਤੋਂ ਬਿਨਾਂ, ਉਤਸੁਕਤਾ ਦੁਆਰਾ ਸੰਚਾਲਿਤ, ਅਤੇ ਜਨੂੰਨ ਨਾਲ ਪ੍ਰੇਰਿਤ। ਹਾਲਾਂਕਿ ਉਸਦੀ ਜ਼ਿੰਦਗੀ ਛੋਟੀ ਸੀ, ਪਰ ਉਸਦੇ ਯੋਗਦਾਨ ਦਾ ਪ੍ਰਭਾਵ ਬੇਅੰਤ ਹੈ। ਉਹ ਮਨੁੱਖੀ ਸਮਰੱਥਾ ਦਾ ਪ੍ਰਤੀਕ ਬਣਿਆ ਹੋਇਆ ਹੈ, ਇਹ ਸਾਬਤ ਕਰਦਾ ਹੈ ਕਿ ਗਣਿਤ ਦੀ ਭਾਸ਼ਾ ਸੱਭਿਆਚਾਰ, ਭੂਗੋਲ ਅਤੇ ਹਾਲਾਤ ਤੋਂ ਪਰੇ ਹੈ।

ਰਾਮਾਨੂਜਨ ਨੇ ਸਿਰਫ਼ ਅਨੰਤਤਾ ਦਾ ਅਧਿਐਨ ਨਹੀਂ ਕੀਤਾ ਉਸਨੇ ਇਸਨੂੰ ਜੀਇਆ।



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ




Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


Arrested ?
DUI ?
Drug Charges ?
Gun Violation ?
Ghuman Law Group
Get the Legal Defence
you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# TAKE CONTROL OF YOUR HEALTH!

PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

# ਬਚਪਨ ਦੀ ਖ਼ੁਸ਼ਬੂ

ਬਚਪਨ ਦੇ ਸਨ ਦਿਨ ਨਿਰਾਲੇ।
ਉਹ ਵੇਲੇ ਸਨ ਇੱਲ਼ਤਾਂ ਵਾਲੇ।
ਜਦ ਜਾਣਾਂ ਅਸੀਂ ਪੜਨ ਸਕੂਲੇ।
ਰਸਤੇ ਵਿੱਚ ਕਰਨੇ ਮਸ਼ਕੂਲੇ।
ਸਕੂਲ ਕੋਲ ਸੀ ਘੁਲਾੜੀ ਹੁੰਦੀ।
ਮਾਲਕ ਨਾਲ ਸਾਡੀ ਆੜੀ ਹੁੰਦੀ।
ਉਹ ਸਾਨੂੰ ਪਿਆਰ ਸੀ ਕਰਦਾ।
ਗੁੜ ਨਾਲ ਸਾਡੀ ਡੱਬੀ ਭਰਦਾ।
ਕਈ ਵਾਰੀ ਤਾਂ ਗੰਨੇ ਚੁੱਕ ਲੈਂਦੇ।
ਚੂਪਣ ਲਈ ਉੱਥੇ ਹੀ ਬਹਿੰਦੇ।
ਇੱਕ ਭਾਈ ਸੀ ਅੱਖੋਂ ਕਾਣਾ।
ਜਦੋਂ ਅਸੀਂ ਰਲ ਉੱਥੇ ਜਾਣਾ।
ਖੜੋ ਇੱਥੇ ! ਸਾਨੂੰ ਕਹਿੰਦਾ ਸੀ।
ਭੱਜ ਕੇ ਸਾਡੇ ਮਗਰ ਪੈਂਦਾ ਸੀ।
ਭੈਣ ਜੀ ਨੇ ਸਾਨੂੰ ਸਮਝਾਉਣਾ।
ਨਾਲੇ ਸਾਨੂੰ ਕੁੱਕੜ ਬਣਾਉਣਾ।
ਦੱਸੋਂ ਬੇਟਾ !ਕਿਉਂ ਐਦਾਂ ਕਰਦੇ?
ਡੰਡੇ ਤੋਂ ਤੁਸੀਂ ਕਿਓਂ ਨੀ ਡਰਦੇ?
ਕੱਲ੍ਹ ਮੰਮੀ ਨੂੰ ਲ਼ੈ ਕੇ ਆਉਣਾ।
'ਪੱਤੋ' ਨੂੰ ਪੈਣਾਂ ਸਮਝਾਉਣਾ।



SANJHI SOCH
**ਹਰਪ੍ਰੀਤ ਪੱਤੋ**
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਬੇਬਸੀ

ਖੁਦ ਹੀ ਖੁਦ ਨੂੰ ਸਮਝਾਉਣਾ ਪੈਦਾ
ਆਪੇ ਗ਼ਲ ਨਾਲ ਲਾਉਣਾ ਪੈਦਾ
ਕੌਣ ਸਮਝਦਾ ਅੰਦਰ ਦੀਆ ਪੀੜਾ ਨੂੰ
ਜੇ ਖੁਦ ਕੋਲ ਸਬਦ ਹੀ ਮੁੱਕ ਜਾਣ ਦੱਸਣ ਨੂੰ
ਮੁਸਕਰਾ ਕੇ ਬੱਸ ਦਖਾਉਣਾ ਪੈਦਾ
ਝਰੀਟਾ ਨਾਲ ਤੜਫ ਦਾ ਦਿਲ
ਦੁਨੀਆ ਦਾ ਹਾਸਾ ਨਾ ਬਣਜੇ
ਕਿਸਮਤ ਦਾ ਖੇਲ ਕਹਿ ਛਪਾਉਣਾ ਪੈਦਾ
ਹਰ ਕੋਈ ਇਨਸਾਨ ਇਕੋ ਜਿਹਾ ਨਹੀ ਹੁੰਦਾ
ਕੁਝ ਨਾ ਕੁਝ ਹੰਢਾ ਰਿਹਾ ਹੁੰਦਾ
ਨਿੱਕੀ ਜਿਹੀ ਗੱਲ ਦਿਲ ਤੇ ਲਾਉਣ ਵਾਲਾ
ਫਰਕ ਨਹੀ ਪੈਂਦਾ ਕਹਿ ਅੱਖ ਦਾ ਪਾਣੀ
ਛੋਪੋਣਾ ਪੈਦਾ

**ਨਿੰਦਰ ਕੌਰ ਭੁੱਲਰ**
**6283870115**


# LARRY T. NIERMEYER



## Attorney at Law

OFFERING SERVICES IN THE FOLLOWING AREAS





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com


JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
JUGDEV SAMRA (317) 379-4065
SUKHDEV SAMRA (317) 250-3545
jvslogisticsllc@outlook.com
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


NOW OPEN
Tandoori FLAVORS
MARINATE MEAT SHOP
ਮੇਰੀਨੇਟ ਮੀਟ ਸ਼ੋਪ
NOW OPEN
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
''ਅਸੀਂ ਆਪਣੇ ਖਾਣੇ 'ਚ ਫੂਡ-ਕਲਰ ਨਹੀਂ ਵਰਤਦੇ।''
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

### ਅੰਗ 93

ਸ੍ਰੀਰਾਗ ਬਾਣੀ ਭਗਤ ਬੇਣੀ ਜੀਉ ਕੀ ॥ ਪਹਰਿਆ ਕੈ ਘਰਿ ਗਾਵਣਾ ॥ ੧ੴ ਸਤਿਗੁਰ ਪ੍ਰਸਾਦਿ ॥

ਰੇ ਨਰ ਗਰਭ ਕੁੰਡਲ ਜਬ ਆਛਤ ਉਰਧ ਧਿਆਨ ਲਿਵ ਲਾਗਾ ॥ ਮਿਰਤਕ ਪਿੰਡਿ ਪਦ ਮਦ ਨਾ ਅਹਿਨਿਸਿ ਏਕੁ ਅਗਿਆਨ ਸੁ ਨਾਗਾ ॥ ਤੇ ਦਿਨ ਸੰਮਲੁ ਕਸਟ ਮਹਾ ਦੁਖ ਅਬ ਚਿਤੁ ਅਧਿਕ ਪਸਾਰਿਆ ॥ ਗਰਭ ਛੋਡਿ ਮ੍ਰਿਤ ਮੰਡਲ ਆਇਆ ਤਉ ਨਰਹਰਿ ਮਨਹੁ ਬਿਸਾਰਿਆ ॥੧॥ ਫਿਰਿ ਪਛੁਤਾਵਹਿਗਾ ਮੂੜਿਆ ਤੂੰ ਕਵਨਕੁਮਤਿ ਭ੍ਰਮਿ ਲਾਗਾ ॥ ਚੇਤਿ ਰਾਮੁ ਨਾਹੀ ਜਮ ਪੁਰਿ ਜਾਹਿਗਾ ਜਨੁ ਬਿਚਰੈ ਅਨਰਾਧਾ ॥੧॥ ਰਹਾਉ ॥ ਬਾਲ ਬਿਨੋਦ ਚਿੰਦ ਰਸ ਲਾਗਾ ਖਿਨੁ ਖਿਨੁ ਮੋਹਿ ਬਿਆਪੈ ॥ ਰਸੁ ਮਿਸੁ ਮੇਧੁ ਅੰਮ੍ਰਿਤੁ ਬਿਖੁ ਚਾਖੀ ਤਉ ਪੰਚ ਪ੍ਰਗਟ ਸੰਤਾਪੈ ॥ ਜਪੁ ਤਪੁ ਸੰਜਮੁ ਛੋਡਿ ਸੁਕ੍ਰਿਤ ਮਤਿ ਰਾਮ ਨਾਮੁ ਨ ਅਰਾਧਿਆ ॥ ਉਛਲਿਆ ਕਾਮੁ ਕਾਲ ਮਤਿ ਲਾਗੀ ਤਉ ਆਨਿ ਸਕਤਿ ਗਲਿ ਬਾਂਧਿਆ ॥੨॥ ਤਰੁਣ ਤੇਜੁ ਪਰ ਤ੍ਰਿਅ ਮੁਖੁ ਜੋਹਹਿ ਸਰੁਅਪਸਰੁ ਨ ਪਛਾਣਿਆ ॥ ਉਨਮਤ ਕਾਮਿ ਮਹਾ ਬਿਖੁ ਭੂਲੈ ਪਾਪੁ ਪੁੰਨੁ ਨ ਪਛਾਨਿਆ ॥ ਸੁਤ ਸੰਪਤਿ ਦੇਖਿ ਇਹੁ ਮਨੁ ਗਰਬਿਆ ਰਾਮੁ ਰਿਦੈ ਤੇ ਖੋਇਆ ॥ ਅਵਰ ਮਰਤ ਮਾਇਆ ਮਨੁ ਤੋਲੇ ਤਉ ਭਗ ਮੁਖਿ ਜਨਮੁ ਵਿਗੋਇਆ ॥੩॥ ਪੁੰਡਰ ਕੇਸ ਕੁਸਮ ਤੇ ਧਉਲੇ ਸਪਤ ਪਾਤਾਲ ਕੀ ਬਾਣੀ ॥ ਲੋਚਨ ਸ੍ਰਮਹਿ ਬੁਧਿ ਬਲ ਨਾਠੀ ਤਾ ਕਾਮੁ ਪਵਸਿ ਮਾਧਾਣੀ ॥ ਤਾ ਤੇ ਬਿਖੈ ਭਈ ਮਤਿ ਪਾਵਸਿ ਕਾਇਆ ਕਮਲੁ ਕੁਮਲਾਣਾ ॥ ਅਵਗਤਿਬਾਣਿ ਛੋਡਿ ਮ੍ਰਿਤ ਮੰਡਲਿ ਤਉ ਪਾਛੈ ਪਛੁਤਾਣਾ ॥੪॥ ਨਿਕੁਟੀ ਦੇਹ ਦੇਖਿ ਧੁਨਿ ਉਪਜੈ ਮਾਨ ਕਰਤ ਨਹੀ ਬੂਝੈ ॥ ਲਾਲਚੁ ਕਰੈ ਜੀਵਨ ਪਦ ਕਾਰਨ ਲੋਚਨ ਕਛੂ ਨ ਸੂਝੈ ॥ ਥਾਕਾ ਤੇਜੁ ਉਡਿਆ ਮਨੁ ਪੰਖੀ ਘਰਿ ਆਂਗਨਿ ਨ ਸੁਖਾਈ ॥ ਬੇਣੀ ਕਹੈ ਸੁਨਹੁ ਰੇ ਭਗਤਹੁ ਮਰਨ ਮੁਕਤਿ ਕਿਨਿ ਪਾਈ ॥੫॥ {ਪੰਨਾ 93}

ਪ੍ਰਸੰਗ ਸਹਿਤ ਬਾਣੀ ਅਰਥ :-

ਉਪਰੋਕਤ ਪਾਵਨ ਬਾਣੀ,ਭਗਤ ਸਾਹਿਬਾਨ ਬੇਣੀ ਜੀ ਦੀ ਰਸਨਾ ਤੋਂ ਉਚਰਿਤ, ਸਿਰੀਰਾਗ ਅੰਦਰ , ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪੰਨਾ 93 ਉੱਪਰ ਸੁਭਾਇਮਾਨ ਹੈ। ਇਸ ਸ਼ਬਦ ਨੂੰ ਪਹਿਰਿਆਂ ਦੇ ਘਰ ਗਾਉਣ ਦੀ ਹਦਾਇਤ ਹੈ।

ਪ੍ਰਭੂ ਇੱਕ ਹੈ ਤੇ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ। ਹੇ ਪ੍ਰਾਣੀ ਜਦ ਮਾਤ ਗਰਭ ਵਿੱਚ ਉਲਟਾ ਲਟਕਿਆ ਸੀ ਤਾਂ ਪ੍ਰਭੂ ਅੱਗੇ ਜਲਦੀ ਤੋਂ ਜਲਦੀ ਇਥੋਂ ਛੁਟਕਾਰੇ ਲਈ ਬੇਨਤੀ ਕਰਦਾ ਸੀ,ਸਰੀਰ ਦਾ ਕੋਈ ਮਾਣ ਨਹੀਂ ਹੈ, ਕਿਉਂਕਿ ਅਗਿਆਨਤਾ ਨਾਲ ਭਰਿਆ ਸੀ ,ਉਦੋਂ ਦਿਨ ਰਾਤ ਪ੍ਰਭੂ ਨੂੰ ਸਿਮਰਦਾ ਸੀ। ਉਹ ਦਿਨ ਯਾਦ ਕਰ ਜਦੋਂ ਤਕਲੀਫਾਂ ਵਿੱਚ ਫਸਿਆ ਸੀ ਤੇ ਹੁਣ ਆਪ ਹੀ ਆਪਣੇ ਦੁਆਲੇ ਜੰਜਾਲ ਬੁਣ ਰੱਖੇ ਹਨ ਤੇ ਨਿਰੰਕਾਰ ਨੂੰ ਭੁਲਾ ਹੀ ਦਿੱਤਾ ਹੈ।1।

ਹੇ ਮੂਰਖ ਤੂੰ ਕਿਹੜੀ ਮੱਤੇ ਲੱਗਿਆ ਹੋਇਆ ਹੈਂ ,ਵੇਲਾ ਹੱਥੋਂ ਗਵਾ ਕੇ ਫਿਰ ਹੱਥ ਮਲੇਂਗਾ, ਪ੍ਰਭੂ ਨੂੰ ਸਿਮਰ,ਨਹੀਂ ਤਾਂ ਜਮਪੁਰੀ ਵਿੱਚ ਧੱਕਿਆ ਜਾਵੇਂਗਾ,ਜਿਵੇਂ ਕੋਈ ਅਮੋੜ ਢੱਗਾ ਪੁੱਠੇ ਪਾਸੇ ਤੁਰਿਆ ਜਾਂਦਾ ਹੈ।1। ਰਹਾਉ॥

ਬਚਪਨ ਵਿੱਚ ਖੇਡਾਂ ਵਿਚ ਰੁਝਿਆ ਰਿਹਾ,ਹੁਣ ਜਵਾਨੀ ਵਿੱਚ ਤੈਨੂੰ ਕਾਮਾਦਿਕ ਰਸਾਂ ਨੇ ਅਮ੍ਰਿਤ ਰੂਪ ਦਿਖਾ ਕੇ ਜਕੜ ਰੱਖਿਆ ਹੈ,ਜਪ ਤਪ,ਸੰਜਮ ,ਸਿਮਰਣ ਤੇ ਦਾਨ ਪੁੰਨ ਨੂੰ ਭੁੱਲ ਬੈਠਾ ਹੈਂ ।ਇਨਾਂ ਵਿਕਾਰਾਂ ਕਾਰਣ ਤੇ ਇਸਤ੍ਰੀ ਮੋਹ ਵਿੱਚ ਬੁਰੀ ਤਰਾਂ ਫਸਿਆ ਪਿਆ ਹੈਂ।2।

ਤੇਰੇ ਅੰਦਰ ਜਵਾਨੀ ਦੇ ਜੋਸ਼ ਕਾਰਨ ਤੂੰ ਆਪਣੀ ਪਰਾਈ ਇਸਤਰੀ ਵਿੱਚ ਫਰਕ ਵੀ ਨਹੀਂ ਸਮਝਦਾ, ਕਾਮ ਤੇ ਮਾਇਆ ਦੇ ਪ੍ਰਭਾਵ ਵਿੱਚ ਏਨਾ ਮਸਤ ਹੋਇਆ ਹੈਂ ਕਿ ਤੈਨੂੰ ਪਾਪ ਪੁੰਨ ਦਾ ਵੀ ਫਰਕ ਪਤਾ ਨਹੀਂ ਲੱਗਦਾ। ਕਾਮ ਹੱਥੋਂ ਅੰਨਾਂ ਹੋਇਆ ਵੇਲਾ ਕੁਵੇਲਾ ਵੀ ਨਹੀਂ ਵੇਖਦਾ, ਪੁੱਤਰ ਤੇ ਧੰਨ ਪਦਾਰਥਾਂ ਨੂੰ ਪਾ ਕੇ ਹੰਕਾਰੀ ਹੋਇਆ ਫਿਰਦਾ ਹੈਂ। ਸੰਬੰਧੀਆਂ ਦੇ ਮਰਨ ਤੇ ਕਿਆਸ ਲਾਉਂਦਾ ਹੈਂ ਕਿ ਤੈਨੂੰ ਕਿੰਨੀ ਕੁਝ ਮਾਇਆ ਮਿਲੇਗੀ । ਇਵੇਂ ਵਾਧੂ ਦੇ ਝਮੇਲਿਆਂ ਵਿੱਚ ਪੈ ਕੇ ਜੀਵਨ ਅਕਾਰਥ ਗਵਾ ਰਿਹਾ ਹੈਂ।3।

ਤੇਰੇ ਵਾਲ ਪੂਰੇ ਚਿੱਟੇ ਤੇ ਅਵਾਜ਼ ਅਤਿਅੰਤ ਮੱਧਮ ਪੈ ਗਈ ਹੈ,ਅੱਖਾਂ ਸਿੰਮ ਰਹੀਆਂ ਹਨ, ਬੁੱਧੀ ਲੱਗਭੱਗ ਖਤਮ ਹੋ ਗਈ ਹੈ ਪਰ ਕਾਮ ਅਜੇ ਵੀ ਜਾਗ੍ਰਿਤ ਹੈ ਇਸੇ ਕਾਰਣ ਤੇਰੀ ਸੋਚ ਵਿੱਚ ਵਿਕਾਰਾਂ ਦੀ ਝੜੀ ਅਜੇ ਵੀ ਲੱਗੀ ਹੈ,ਤੇਰਾ ਸਰੀਰ,(ਕਮਲ ਫੁੱਲ)ਕੁਮਲਾ ਗਿਆ ਹੈ । ਸੰਸਾਰ ਵਿੱਚ ਆ ਕੇ ਵੀ ਤੂੰ ਭਜਨ ਬੰਦਗੀ ਭੁੱਲ ਬੈਠਾ ਹੈਂ,ਸਮਾਂ ਲੰਘ ਜਾਣ ਤੇ ਸਿਰਫ ਪਛਤਾਵਾ ਰਹਿ ਜਾਵੇਗਾ।4।

ਬੰਦਾ ਆਪਣੇ ਛੋਟੇ ਛੋਟੇ ਬੱਚਿਆਂ,ਪੋਤਿਆਂ ਪੋਤੀਆਂ ਨੂੰ ਦੇਖ ਖੁਸ਼ ਤਾਂ ਹੁੰਦਾ ਹੈ,ਕਿ ਪਰ ਭੁੱਲਿਆ ਹੈ ਕਿ ਇਹ ਸਭ ਕੁਝ ਅਸਥਾਈ ਹੈ। ਅੱਖੀਂ ਦਿਖਣਾ ਬੰਦ ਹੋ ਜਾਂਦਾ ਹੈ,,ਸਰੀਰ ਦਾ ਬਲ ਮੁੱਕ ਜਾਂਦਾ,ਪਰ ਜੀਵਣ ਦੀ ਆਸ ਨਹੀਂ ਮੁੱਕਦੀ ,ਪਰ ਜੀਵ ਪੰਛੀ ਉੱਡ ਜਾਂਦਾ ਹੈ ਤੇ ਮੁਰਦਾ ਸਰੀਰ ਵਿਹੜੇ ਵਿੱਚ ਪਿਆ ਕਿਸੇ ਨੂੰ ਨਹੀਂ ਭਾਉਂਦਾ।

ਭਗਤ ਬੇਣੀ ਕਹਿੰਦੇ ਹਨ ,ਜੇ ਜੀਵਨ ਵਿੱਚ ਮਨੁੱਖ ਦਾ ਵਿਹਾਰ ਇੱਦਾਂ ਹੀ ਲੰਘਣਾ ਹੈ ਤਾਂ ਮੌਤ ਤੋਂ ਬਾਅਦ ਮੁਕਤੀ ਦੀ ਆਸ ਨਹੀਂ ਰੱਖਣੀ ਚਾਹੀਦੀ।

ਸਿਰੀਰਾਗੁ ॥

ਤੋਹੀ ਮੋਹੀ ਮੋਹੀ ਤੋਹੀ ਅੰਤਰੁ ਕੈਸਾ ॥ ਕਨਕ ਕਟਿਕ ਜਲ ਤਰੰਗ ਜੈਸਾ ॥੧॥ ਜਉ ਪੈ ਹਮ ਨ ਪਾਪ ਕਰੰਤਾ ਅਹੇ ਅਨੰਤਾ ॥ ਪਤਿਤ ਪਾਵਨ ਨਾਮੁ ਕੈਸੇ ਹੁੰਤਾ ॥੧॥ ਰਹਾਉ ॥ ਤੁਮ੍ਹ ਜੁ ਨਾਇਕ ਆਛਹੁ ਅੰਤਰਜਾਮੀ ॥ ਪ੍ਰਭ ਤੇ ਜਨੁ ਜਾਨੀਜੈ ਜਨ ਤੇ ਸੁਆਮੀ ॥੨॥ ਸਰੀਰੁ ਆਰਾਧੈ ਮੋ ਕਉ ਬੀਚਾਰੁ ਦੇਹੂ ॥ ਰਵਿਦਾਸ ਸਮ ਦਲ ਸਮਝਾਵੈ ਕੋਊ ॥੩॥ {ਪੰਨਾ 93}

ਭਾਵ ਅਰਥ:-

ਉਪਰੋਕਤ ਪਾਵਨ ਸ਼ਬਦ ਭਗਤ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਰਸਨਾ ਦਾ ਰਚਿਤ ਹੈ ।ਭਗਤ ਜੀ ਆਤਮ ਚਿੰਤਨ ਦੀ ਗਹਿਰਾਈ ਵਿੱਚ ਉੱਤਰ ਕੇ ਫਰਮਾਉਂਦੇ ਹਨ,ਹੇ ਪ੍ਰਭੂ ਤੇਰੇ ਤੇ ਤੇਰੀ ਰਚੀ ਕੁਦਰਤ ਵਿੱਚ ਕੋਈ ਭਿੰਨਤਾ ਨਹੀਂ,ਜਦ ਤੂੰ ਕਣ ਕਣ ਵਿੱਚ ਮੌਜੂਦ ਹੈ ਫਿਰ ਮੇਰੇ ਵਿੱਚ ਵੀ ਵੱਸਦਾ ਹੈਂ, ਜਿਵੇਂ ਸੋਨਾ ਤੇ ਸੋਨੇ ਦੇ ਕੰਗਨ, ਜਿਵੇਂ ਜਲ ਤੇ ਜਲ ਤਰੰਗ॥੧॥

ਜੇ ਬੰਦਾ ਪਾਪੀ ਨਾ ਹੁੰਦਾ ਤਾਂ ਤੇਰਾ ਨਾਮ ਵੀ ਪਾਪ ਦਾ ਹਨਨ ਕਰਨ ਵਾਲਾ ਕਿਵੇਂ ਪੈਂਦਾ॥੧॥ ਰਹਾਉ ॥ ਤੂੰ ਜੇ ਨਾਇਕ ਅੰਤਰਜਾਮੀ ਅਖਵਾਉਂਦਾ ਹੈਂ ਤਾਂ ਤੈਨੂੰ ਲੋਕ ਵੀ ਜਾਣਦੇ ਹਨ ਤੇ ਤੂੰ ਲੋਕਾਂ ਨੂੰ॥੨॥

ਸੋ ਹੇ ਪ੍ਰਭੂ ਮੈਨੂੰ ਅਕਲ ਦੇਅ ਕਿ ਜਦ ਤੱਕ ਮੇਰਾ ਇਹ ਸ਼ਰੀਰ ਕਾਇਮ ਹੈ,ਮੈਂ ਤੈਨੂੰ ਸਿਮਰਦਾ ਰਹਾਂ। ਰਵਿਦਾਸ ਨੂੰ ਕੋਈ ਗੁਰੂ ਇਹ ਸਮਝਾ ਦਵੇ ਕਿ ਤੂੰ ਸਰਬਵਿਆਪੀ ਹੈਂ।

### ਅੰਗ 94

ਰਾਗੁ ਮਾਝ ਚਉਪਦੇ ਘਰੁ ੧ ਮਹਲਾ ੪

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ॥ ਹਰਿ ਹਰਿ ਨਾਮੁ ਮੈ ਹਰਿ ਮਨਿ ਭਾਇਆ ॥ ਵਡਭਾਗੀ ਹਰਿ ਨਾਮੁ ਧਿਆਇਆ ॥ ਗੁਰਿ ਪੂਰੈ ਹਰਿ ਨਾਮ ਸਿਧਿ ਪਾਈ ਕੋ ਵਿਰਲਾ ਗੁਰਮਤਿ ਚਲੈ ਜੀਉ ॥੧॥ ਮੈ ਹਰਿ ਹਰਿ ਖਰਚੁ ਲਇਆ ਬੰਨਿ ਪਲੈ ॥ ਮੇਰਾ ਪ੍ਰਾਣ ਸਖਾਈ ਸਦਾ ਨਾਲਿ ਚਲੈ ॥ ਗੁਰਿ ਪੂਰੈ ਹਰਿ ਨਾਮੁ ਦਿੜਾਇਆ ਹਰਿ ਨਿਹਚਲੁ ਹਰਿ ਧਨੁ ਪਲੈ ਜੀਉ ॥੨॥ ਹਰਿ ਹਰਿ ਸਜਣੁ ਮੇਰਾ ਪ੍ਰੀਤਮੁ ਰਾਇਆ ॥ ਕੋਈ ਆਣਿ ਮਿਲਾਵੈ ਮੇਰੇ ਪ੍ਰਾਣ ਜੀਵਾਇਆ ॥ ਹਉ ਰਹਿ ਨ ਸਕਾ ਬਿਨੁ ਦੇਖੇ ਪ੍ਰੀਤਮਾ ਮੈ ਨੀਰੁ ਵਹੇ ਵਹਿ ਚਲੈ ਜੀਉ ॥੩॥ ਸਤਿਗੁਰੁ ਮਿਤ੍ਰੁ ਮੇਰਾ ਬਾਲ ਸਖਾਈ ॥ ਹਉ ਰਹਿ ਨ ਸਕਾ ਬਿਨੁ ਦੇਖੇ ਮੇਰੀ ਮਾਈ ॥ ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਜਨ ਨਾਨਕ ਹਰਿ ਧਨੁ ਪਲੈ ਜੀਉ ॥੪॥੧॥ {ਪੰਨਾ 94}

ਭਾਵ ਅਰਥ:-

ਇਹ ਪਾਵਨ ਸ਼ਬਦ ਚੌਥੇ ਨਾਨਕ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦਾ ਰਚਿਤ ਰਾਗ ਮਾਝ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ 94 ਉੱਪਰ ਸੁਸ਼ੋਭਿਤ ਹੈ ।ਮੰਗਲਾ ਚਰਣ:-ਪਰਮਾਤਮਾ ਇੱਕ ਹੈ,ਉਸਦਾ ਨਾਮ ਹੀ ਸੱਚ ਹੈ,ਉਹ ਸਰਬ ਕਰਮ ਕਰਨ ਕਰਾਵਨਹਾਰ ਹੈ,ਭੈ ਰਹਿਤ ਹੈ,ਵੈਰ ਵਿਰੋਧ ਰਹਿਤ ਹੈ, ਉਸਨੂੰ ਮ੍ਰਿਤੂ ਨਹੀਂ ਆਉਂਦੀ,ਉਹ ਜੂਨ ਰਹਿਤ ਤੇ ਆਪਣੇ ਆਪ ਤੋਂ ਪੈਦਾ ਹੋਇਆ ਹੈ।

ਹੇ ਭਾਈ! ਮੈਨੂੰ ਪਰਮਾਤਮਾ ਦਾ ਨਾਮ ਭਾਉਂਦਾ ਹੈ, ਮੇਰੇ ਕਰਮ ਚੰਗੇ ਨੇ ਜੋ ਉਸਦਾ ਨਾਮ ਧਿਆਉਣ ਨੂੰ ਮਿਲਿਆ ਹੈ। ਪੂਰੇ ਗੁਰੂ ਦੀ ਵਿਚੋਲਗੀ ਕਾਰਨ ਹੀ ਇਹ ਸੰਬੰਧ ਸੰਭਵ ਹੋ ਸਕਿਆ ਹੈ , ਜਿਸਨੂੰ ਕੋਈ ਕੋਈ ਹੀ ਪਾ ਸਕਦਾ ਹੈ॥੧॥

ਮੈਂ ਉਸ ਪ੍ਰਮਾਤਮਾ ਦੇ ਨਾਮ ਰੂਪੀ ਰਸਦ/ਰਾਹਦਾਰੀ ਆਪਣੇ ਨਾਲ ਬੰਨ੍ਹ ਲਈ ਹੈ। ਇਸ ਨਾਮ ਨੇ ਮੈਨੂੰ ਸੁਖ ਪ੍ਰਦਾਨ ਕੀਤਾ ਹੈ,ਜੋ ਸਦਾ ਮੇਰੇ ਅੰਗ ਸੰਗ ਹੈ। ਗੁਰੂ ਨੇ ਵਾਹਿਗੁਰੂ ਨਾਮ ਮੇਰੇ ਹਿਰਦੇ ਵਿੱਚ ਪੱਕਾ ਕਰ ਦਿੱਤਾ ਹੈ ,ਜਿਸਨਾਲ ਮੈਨੂੰ ਸਹਿਜ/ਅਡੋਲ ਅਵਸਥਾ ਦੀ ਪੂੰਜੀ ਮਿਲ ਗਈ ਹੈ ॥੨॥

ਹਰਿ ਪ੍ਰਭੂ ਮੇਰਾ ਸੱਜਣ,ਸੱਚਾ ਗੁਰੂ ਤੇ ਬਾਦਸ਼ਾਹ ਵੀ ਹੈ,ਜੇ ਕੋਈ ਮੈਨੂੰ ਉਸ ਨਾਲ ਮਿਲਾ ਦੇਵੇ ਤਾਂ ਸਮਝੋ ਮੇਰੇ ਪ੍ਰਾਣ ਬਚ ਜਾਣ( ਉਹ ਮੇਰਾ ਪ੍ਰਾਣ ਅਧਾਰਾ ਹੈ) ਹੇ ਮੇਰੇ ਪਤੀ ਪ੍ਰੀਤਮ ਪਿਆਰੇ ਤੇਰੇ ਦਰਸ਼ਨਾਂ ਤੋਂ ਬਿਨਾਂ ਮੈਂ ਰਹਿ ਨਹੀਂ ਸਕਦਾ, ਮੇਰੇ ਅੱਥਰੂ ਵਗਣ ਲੱਗ ਜਾਂਦੇ ਨੇ॥੩॥

ਸੱਚਾ ਗੁਰੂ ਮੇਰੇ ਬਚਪਨ ਦਾ ਸਾਥੀ ਹੈ। ਹੇ ਮੇਰੀ ਮਾਂ ਮੈਂ ਉਸਦੇ ਦਰਸ਼ਨਾਂ ਬਗੈਰ ਰਹਿ ਨਹੀਂ ਸਕਦਾ। ਹੇ ਦਾਤਾ ਨਾਨਕ ਉੱਤੇ ਕਿਰਪਾ ਕਰ , ਗੁਰੂ ਮਿਲਾ , ਜਿਹੜਾ ਮੈਨੂੰ ਤੇਰੇ ਤਾਈਂ ਪਹੁੰਚਾਵੇ ।(ਤਾਂ ਜੋ ਹਰਿ ਨਾਮੁ ਧਨ ਪੱਲੇ ਪੈ ਜਾਵੇ)

ਮਾਝ ਮਹਲਾ ੪ ॥

ਮਧੁਸੂਦਨ ਮੇਰੇ ਮਨ ਤਨ ਪ੍ਰਾਨਾ ॥ ਹਉ ਹਰਿ ਬਿਨੁ ਦੂਜਾ ਅਵਰੁ ਨ ਜਾਨਾ ॥ ਕੋਈ ਸਜਣੁ ਸੰਤੁ ਮਿਲੈ ਵਡਭਾਗੀ ਮੈ ਹਰਿ ਪ੍ਰਭੁ ਪਿਆਰਾ ਦਸੈ ਜੀਉ ॥੧॥ ਹਉ ਮਨੁ ਤਨੁ ਖੋਜੀ ਭਾਲਿ ਭਾਲਾਈ ॥ ਕਿਉ ਪਿਆਰਾ ਪ੍ਰੀਤਮੁ ਮਿਲੈ ਮੇਰੀ ਮਾਈ ॥ ਮਿਲਿ ਸਤਸੰਗਤਿ ਖੋਜੁ ਦਸਾਈ ਵਿਚਿ ਸੰਗਤਿ ਹਰਿ ਪ੍ਰਭੁ ਵਸੈ ਜੀਉ ॥੨॥ ਮੇਰਾ ਪਿਆਰਾ ਪ੍ਰੀਤਮੁ ਸਤਿਗੁਰੁ ਰਖਵਾਲਾ ॥ ਹਮ ਬਾਰਿਕ ਦੀਨ ਕਰਹੁ ਪ੍ਰਤਿਪਾਲਾ ॥ ਮੇਰਾ ਮਾਤ ਪਿਤਾ ਗੁਰੁ ਸਤਿਗੁਰੁ ਪੂਰਾ ਗੁਰ ਜਲ ਮਿਲਿ ਕਮਲੁਵਿਗਸੈ ਜੀਉ ॥੩॥ ਮੈ ਬਿਨੁ ਗੁਰ ਦੇਖੇ ਨੀਦ ਨ ਆਵੈ ॥ ਮੇਰੇ ਮਨ ਤਨਿ ਵੇਦਨ ਗੁਰ ਬਿਰਹੁ ਲਗਾਵੈ ॥ ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਜਨ ਨਾਨਕ ਗੁਰ ਮਿਲਿ ਰਹਸੈ ਜੀਉ ॥੪॥੨॥ {ਪੰਨਾ 94}

ਭਾਵ ਅਰਥ:-

ਹੇ ਮੇਰੇ ਕਰਤਾਰ ਮੇਰੇ ਮਨ ਤਨ ਦਾ ਤੇਰੇ ਬਿਨਾ ਹੋਰ ਕੋਈ ਮਾਲਿਕ ਨਹੀਂ ਹੈ। ਮੇਰੀ ਤਾਂਘ ਹੈ ਕਿ ਕੋਈ ਵੱਡੇ ਭਾਗਾਂ ਵਾਲਾ ਸੱਚਾ ਗੁਰੂ ਮਿਲੇ ਜੋ ਤੈਨੂੰ ਮਿਲਾਉਣਾ ਕਰੇ॥੧॥

ਹੇ ਮੇਰੀ ਮਾਂ ਮੈਂ ਆਪਣੇ ਆਪ ਨੂੰ ਚੰਗੀ ਤਰਾਂ ਪੁਣ ਛਾਣ ਲਿਆ ਹੈ ਪਰ ਪ੍ਰਭੂ ਨੂੰ ਮਿਲਣ ਦਾ ਢੰਗ ਨਹੀਂ ਲੱਭਾ, ਤੂੰ ਹੀ ਦੱਸ ਦੇਅ॥੨॥

ਉਹ ਦਾਤਾ ਹੀ ਸਾਡੇ ਗਰੀਬਾਂ ਨੂੰ ਦਾਨ ਦੇ ਕੇ ਪਾਲਦਾ ਹੈ ਤੇ ਹਰ ਤਰਾਂ ਦੀ ਰਖਿਆ ਕਰਨ ਵਾਲਾ ਹੈ। ਉਹ ਪ੍ਰਭੂ ਮੇਰਾ ਮਾਈ ਬਾਪ ਹੈ ਤੇ ਮੈਂ ਕਮਲ ਦੇ ਫੁੱਲ ਵਾਂਗ ਉਸ (ਪਰਮਾਤਮਾ ) ਪਵਿਤਰ ਜਲ ਵਿੱਚ ਘੁਲਿਆ ਮਿਲਿਆ ਹਾਂ ਤੇ ਪ੍ਰਸੰਨ ਹਾਂ॥੩॥

ਮੇਰੇ ਮਨ ਤੇ ਤਨ ਨੂੰ ਉਸਦੇ ਵਿਛੋੜੇ ਦੀ ਟੀਸ ਲੱਗੀ ਹੋਈ ਹੈ। ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਮੇਰਾ ਪਰਮਾਤਮਾ ਪ੍ਰਭੂ ਨਾਲ ਮਿਲਾਪ ਹੋ ਜਾਵੇ।(ਤਾਂ ਮੈਂ ਸੰਤੁਸ਼ਟੀ ਪਾ ਲਵਾਂ)



ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia,
New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ
ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
2 ਸਾਲ ਦਾ Work Permit
Spouse ਨੂੰ ਮਿਲੇਗਾ Open Work Permit
ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA